



ਰੋਜ਼ਾਨਾ

ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com

25 ਜਨਵਰੀ 2023


ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)






R.N.I. /Punpun/29016/2008/ ● ਸਾਲ : 14 ● ਅੰਕ : 392 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111


## ਪਾਕਿਸਤਾਨ ਦੇ ਲੋਕ ਭੁੱਖ ਨਾਲ ਹੋਏ ਲਾਚਾਰ, ਸਰਕਾਰ ਨੂੰ ਕੋਈ ਫਿਕਰ ਨਹੀਂ



**ਇਸਲਾਮਾਬਾਦ/ਲੋਕ ਬਾਣੀ**

ਕੰਗਾਲ ਹੋਣ ਕੰਢੇ ਖੜੇ ਪਾਕਿਸਤਾਨ ਨੇ ਵਿਦੇਸ਼ੀ ਮੁਦਰਾ ਭੰਡਾਰ 'ਚ ਭਾਰੀ ਗਿਰਾਵਟ ਦਰਮਿਆਨ ਬੀਤੇ 6 ਮਹੀਨਿਆਂ ਦੌਰਾਨ 1.2 ਅਰਬ ਡਾਲਰ (259 ਅਰਬ ਰੁਪਏ) ਮਹਿੰਗੀਆਂ ਕਾਰਾਂ, ਅਤਿ-ਆਧੁਨਿਕ ਇਲੈਕਟ੍ਰਿਕ ਵਾਹਨਾਂ ਅਤੇ ਉਨਾਂ ਦੇ ਸਪੇਅਰ ਪਾਰਟਸ ਵਰਗੀਆਂ ਵਸਤਾਂ ਦੇ ਇੰਪੋਰਟ 'ਤੇ ਖਰਚ ਕੀਤੇ ਹਨ। ਇਕ ਰਿਪੋਰਟ 'ਚ ਇਹ ਦੱਸਿਆ ਗਿਆ ਹੈ। ਦੇਸ਼ ਭਾਰੀ ਵਿੱਤੀ ਸੰਕਟ 'ਚੋਂ ਲੰਘ ਰਿਹਾ ਹੈ। ਉਸ ਦਾ ਵਿਦੇਸ਼ੀ ਭੰਡਾਰ ਘੱਟ ਹੋ ਕੇ 4 ਅਰਬ ਡਾਲਰ ਰਹਿ ਗਿਆ ਹੈ, ਜਿਸ ਕਾਰਣ ਕੇਂਦਰੀ ਬੈਂਕ ਨੂੰ ਜ਼ਰੂਰੀ ਵਸਤਾਂ ਦੇ ਇੰਪੋਰਟ ਨੂੰ ਵੀ ਘੱਟ ਕਰਨਾ ਪਿਆ ਹੈ। 'ਦਿ ਨਿਊਜ਼' ਦੀ ਰਿਪੋਰਟ 'ਚ ਕਿਹਾ ਗਿਆ ਹੈ ਕਿ ਪਿਛਲੇ ਸਾਲ ਦੀ ਤੁਲਣਾ 'ਚ ਇਸ ਸਾਲ ਟ੍ਰਾਂਸਪੋਰਟ ਵਾਹਨਾਂ ਅਤੇ ਹੋਰ ਵਸਤਾਂ ਦੇ ਇੰਪੋਰਟ 'ਚ ਕਟੌਤੀ ਕਰਨ ਦੇ ਬਾਵਜੂਦ ਅਰਥਵਿਵਸਥਾ ਮਹਿੰਗੀਆਂ ਲਗਜ਼ਰੀ ਗੱਡੀਆਂ ਅਤੇ ਗੈਰ-ਜ਼ਰੂਰੀ ਵਸਤਾਂ ਦੀ ਖਰੀਦ 'ਤੇ ਹੋਣ ਵਾਲੇ ਖਰਚ ਕਾਰਣ ਦਬਾਅ 'ਚ ਹੈ। ਇਨਾਂ ਛੇ ਮਹੀਨਿਆਂ ਦੌਰਾਨ ਪਾਕਿਸਤਾਨ ਨੇ 53.05 ਕਰੋੜ ਡਾਲਰ (118.2 ਅਰਬ ਰੁਪਏ) ਵਿਚ ਪੂਰੀ ਤਰਾਂ ਤਿਆਰ ਇਕਾਈਆਂ (ਸੀ. ਬੀ. ਯੂ.), ਵੱਖ-ਵੱਖ ਆਟੋ ਪਾਰਟਸ 'ਚ ਲਿਆਂਦੇ ਗਏ ਉਤਪਾਦ (ਸੀ. ਕੇ. ਡੀ./ਐੱਸ. ਕੇ. ਡੀ.) ਦੀ ਖਰੀਦ ਕੀਤੀ। ਇਕੱਲੇ ਦਸੰਬਰ 'ਚ ਹੀ ਟ੍ਰਾਂਸਪੋਰਟ ਖੇਤਰ ਲਈ 14.07 ਕਰੋੜ ਡਾਲਰ ਦਾ ਇੰਪੋਰਟ ਕੀਤਾ ਗਿਆ, ਜਿਸ 'ਚ 4.75 ਕਰੋੜ ਡਾਲਰ 'ਚ ਕਾਰਾਂ ਦਾ ਇੰਪੋਰਟ ਹੋਇਆ। ਅਖਬਾਰ ਮੁਤਾਬਕ ਆਰਥਿਕ ਸੰਕਟ ਦੇ ਬਾਵਜੂਦ ਮੌਜੂਦਾ ਸਰਕਾਰ ਨੇ ਮਹਿੰਗੀਆਂ ਕਾਰਾਂ ਦੇ ਇੰਪੋਰਟ ਤੋਂ ਪਾਬੰਦੀ ਹਟਾ ਲਈ ਹੈ ਅਤੇ ਇਹ ਡਾਲਰ 'ਚ ਖਰਚ ਦਾ ਪ੍ਰਮੁੱਖ ਕਾਰਣ ਬਣ ਗਿਆ ਹੈ।

## ਨਿਊਜ਼ੀਲੈਂਡ ਵਿੱਚ ਹੋਈ ਦੋ ਭਾਰਤੀ ਨੌਜਵਾਨਾ ਦੀ ਮੌਤ



**ਵੇਲਿੰਗਟਨ/ਲੋਕ ਬਾਣੀ**

ਨਿਊਜ਼ੀਲੈਂਡ ਤੋਂ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਇਥੇ ਇੱਕ ਬੀਚ 'ਤੇ 2 ਭਾਰਤੀ ਨੌਜਵਾਨਾਂ ਦੀ ਤੈਰਾਕੀ ਹਾਦਸੇ ਵਿੱਚ ਮੌਤ ਹੋ ਗਈ ਹੈ। ਦੋਵੇਂ ਨੌਜਵਾਨ ਅਹਿਮਦਾਬਾਦ ਦੇ ਵਸਨੀਕ ਸਨ। 'ਦਿ ਨਿਊਜ਼ੀਲੈਂਡ ਹੇਰਾਲਡ ਦੀ ਖ਼ਬਰ ਅਨੁਸਾਰ, ਦੋਵੇਂ ਨੌਜਵਾਨ ਅਹਿਮਦਾਬਾਦ ਤੋਂ ਨਿਊਜ਼ੀਲੈਂਡ ਗਏ ਸਨ। ਦੋਵੇਂ ਨੌਜਵਾਨ ਨਿਊਜ਼ੀਲੈਂਡ ਤੋਂ ਸਭ ਤੋਂ ਖਤਰਨਾਕ ਸਥਾਨਾਂ ਵਿਚੋਂ ਇੱਕ ਪੀਹਾ ਬੀਚ 'ਤੇ ਤੈਰਾਕੀ ਕਰ ਰਹੇ ਸਨ, ਜਿਸ ਦੌਰਾਨ ਉਨਾਂ ਦੀ ਮੌਤ ਹੋ ਗਈ। ਰਿਪੋਰਟ ਅਨੁਸਾਰ ਸੌਰੇਨ ਨਯਨ ਕੁਮਾਰ ਪਟੇਲ ਅਤੇ ਅੰਸ਼ੁਲ ਸ਼ਾਹ ਪਿਛਲੇ ਸਾਲ ਅਹਿਮਦਾਬਾਦ ਤੋਂ ਨਿਊਜ਼ੀਲੈਂਡ ਵਰਕ ਵੀਜ਼ੇ 'ਤੇ ਗਏ ਸਨ। ਘਟਨਾ ਪਿਛਲੇ ਹਫਤੇ ਦੀ ਹੈ, ਜਦੋਂ ਦੋਵੇਂ ਆਕਲੈਂਡ ਦੇ ਪੱਛਮ ਵਿੱਚ ਪੀਹਾ ਬੀਚ 'ਤੇ ਤੈਰਾਕੀ ਕਰਨ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਦੋਵਾਂ ਨੂੰ ਹੀ ਤੈਰਾਕੀ ਨਹੀਂ ਆਉਂਦੀ ਸੀ, ਬਾਵਜੂਦ ਇਸਦੇ ਨਦੀ ਵਿੱਚ ਉਤਰ ਗਏ।

## ਪੰਜਾਬ ਚ ਟ੍ਰੈਫਿਕ ਪੁਲਿਸ ਦੇ ਥਾਣੇਦਾਰ ਦੀ ਟੱਕਰ ਮਾਰੇ ਜਾਣ ਕਾਰਨ ਹੋਈ ਮੌਤ



**ਕਪੂਰਥਲਾ/ਲੋਕ ਬਾਣੀ**

ਸਥਾਨਕ ਡੀ.ਸੀ. ਚੌਂਕ ਵਿਚ ਇਕ ਛੋਟੇ ਹਾਥੀ ਵਲੋਂ ਟੱਕਰ ਮਾਰੇ ਜਾਣ ਕਾਰਨ ਡਿਊਟੀ 'ਤੇ ਤਾਇਨਾਤ ਟ੍ਰੈਫਿਕ ਪੁਲਿਸ ਦੇ ਏ.ਐੱਸ.ਆਈ. ਮਲਕੀਤ ਸਿੰਘ ਦੀ ਮੌਤ ਹੋ ਗਈ, ਦੱਸਿਆ ਜਾਂਦਾ ਹੈ ਕਿ ਏ.ਐੱਸ.ਆਈ. ਮਲਕੀਤ ਸਿੰਘ ਵਲੋਂ ਛੋਟੇ ਹਾਥੀ ਦੇ ਡਰਾਈਵਰ ਕੋਲੋਂ ਚੈੱਕ ਕਰਨ ਲਈ ਕਾਗਜ਼ਾਤ ਮੰਗੇ ਸਨ ਤੇ ਇਸੇ ਦੌਰਾਨ ਹੀ ਛੋਟੇ ਹਾਥੀ ਨੇ ਏ.ਐਸ.ਆਈ. ਨੂੰ ਟੱਕਰ ਮਾਰ ਕੇ ਗੱਡੀ ਨਾਲ ਧੂਹ ਕੇ ਲੈ ਗਿਆ। ਗੰਭੀਰ ਹਾਲਤ ਵਿਚ ਜ਼ਖ਼ਮੀ ਹੋਏ ਏ.ਐੱਸ.ਆਈ. ਨੂੰ ਪਹਿਲਾਂ ਪੁਲਿਸ ਮੁਲਾਜ਼ਮਾਂ ਨੇ ਸਥਾਨਕ ਸਿਵਲ ਹਸਪਤਾਲ 'ਚ ਇਲਾਜ ਲਈ ਦਾਖ਼ਲ ਕਰਵਾਇਆ।


## ਜਲੰਧਰ 'ਚ ਫਿਰ ਹੋਈ ਦਿਨ ਦਿਹਾੜੇ ਲੁੱਟ, ਔਰਤ ਦਾ ਕੀਤਾ ਗਿਆ ਕਤਲ



**ਜਲੰਧਰ/ਹਰਬੰਸ ਬਿੱਟੂ**

ਜਲੰਧਰ 'ਚ ਲੁਟੇਰਿਆਂ ਨੇ ਲੁੱਟ ਦੀ ਨੀਅਤ ਨਾਲ ਘਰ 'ਚ ਦਾਖਲ ਹੋ ਕੇ 45 ਤੋਂ 50 ਸਾਲਾ ਔਰਤ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ। ਕਤਲ ਕਰਨ ਤੋਂ ਬਾਅਦ ਲੁਟੇਰੇ ਘਰ 'ਚ ਲੱਗੇ ਸੀ.ਸੀ.ਟੀ.ਵੀ. ਕੈਮਰੇ ਦਾ ਡੀ.ਵੀ.ਆਰ. ਵੀ ਲੈ ਗਏ। ਇਸ ਦੌਰਾਨ ਔਰਤ ਦਾ ਲੜਕਾ ਆਪਣੇ ਕਮਰੇ 'ਚ ਸੁੱਤਾ ਹੋਇਆ ਸੀ ਅਤੇ ਘਰ 'ਚ ਕੰਮ ਕਰਦੀ ਔਰਤ ਘਰ ਦੀ ਛੱਤ 'ਤੇ ਗਈ ਹੋਈ ਸੀ। ਪੁਲਿਸ ਨੇ ਔਰਤ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ। ਇਹ ਵੀ ਜਾਣਕਾਰੀ ਮਿਲੀ ਹੈ ਕੇ ਘਰ 'ਚ ਰੱਖਿਆ ਕੁੱਤਾ ਵੀ ਜ਼ਖਮੀ ਹੈ।ਪੁਲਿਸ ਨੇ ਦੱਸਿਆ ਮ੍ਰਿਤਕ ਔਰਤ ਦੀ ਪਛਾਣ ਕਮਲਜੀਤ ਕੌਰ ਵਜੋਂ ਹੋਈ ਹੈ।

## ਭਾਰਤ ਦੇ ਕਈ ਰਾਜ਼ਾ ਵਿੱਚ ਲੱਗੇ ਭੂਚਾਲ ਦੇ ਝਟਕੇ



**ਦਿੱਲੀ, ਕਪੂਰ**

ਦਿੱਲੀ-ਐੱਨ.ਸੀ.ਆਰ. 'ਚ ਮੰਗਲਵਾਰ ਦੁਪਹਿਰ ਨੂੰ ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਉੱਤਰ ਪ੍ਰਦੇਸ਼, ਉੱਤਰਾਖੰਡ 'ਚ ਵੀ ਕਈ ਥਾਵਾਂ 'ਤੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਉੱਤਰਾਖੰਡ ਦੀ ਰਾਜਧਾਨੀ ਦੇਹਰਾਦੂਨ, ਪਿਥੌਰਾਗੜ ਅਤੇ ਅਲਮੋੜਾ 'ਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਹਾਲਾਂਕਿ ਅਜੇ ਤਕ ਜਾਨ-ਮਾਲ ਦੇ ਨੁਕਸਾਨ ਦੀ ਕੋਈ ਖਬਰ ਸਾਹਮਣੇ ਨਹੀਂ ਆਈ। ਨੈਸ਼ਨਲ ਸੈਂਟਰ ਫਾਰ ਸੀਸਮੋਲਾਜੀ ਮੁਤਾਬਕ, ਭੂਚਾਲ ਦੁਪਹਿਰ 2 ਵਜ ਕੇ 28 ਮਿੰਟ 'ਤੇ ਆਇਆ। ਭੂਚਾਲ ਦੀ ਤਿਬਰਤਾ 5.8 ਦੱਸੀ ਜਾ ਰਹੀ ਹੈ। ਭੂਚਾਲ ਦਾ ਕੇਂਦਰ ਨੇਪਾਲ 'ਚ ਜ਼ਮੀਨ ਦੇ ਅੰਦਰ 10 ਕਿਲੋਮੀਟਰ ਤਕ ਦੱਸਿਆ ਜਾ ਰਿਹਾ ਹੈ।

## ਹਰਿਆਣਾ ਵਿੱਚ ਬਣੀ ਨਵੀਂ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

**ਸ੍ਰੀ ਅਨੰਦਪੁਰ ਸਾਹਿਬ/ਲੋਕ ਬਾਣੀ**

ਹਰਿਆਣਾ 'ਚ ਪਿਛਲੇ ਦਿਨੀਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਲੈ ਕੇ ਹਰਿਆਣਾ ਸਰਕਾਰ ਵਲੋਂ ਗਠਿਤ ਕੀਤੀ 38 ਮੈਂਬਰੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖ਼ਿਲਾਫ਼ ਪੈਦਾ ਹੋਏ ਵਿਰੋਧ 'ਚੋਂ ਅੱਜ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੀ ਅਗਵਾਈ 'ਚ ਨਵੀਂ 41 ਮੈਂਬਰੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹੋਂਦ 'ਚ ਆ ਗਈ ਹੈ। ਇਸ ਨਵੀਂ ਬਣੀ 41 ਮੈਂਬਰੀ ਕਮੇਟੀ ਨਾਲ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਤਖ਼ਤ ਸ੍ਰੀ ਕੇਸਗੜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੀਟਿੰਗ ਕਰਨ ਉਪਰੰਤ ਇਸ ਕਮੇਟੀ ਨੂੰ ਥਾਪੜਾ ਵੀ ਦਿੱਤਾ ਹੈ।

## ਵਿਦੇਸ਼ ਵਿੱਚ ਵਿੱਦਿਅਕ ਅਦਾਰੇ 'ਚ ਚੱਲੀਆਂ ਗੋਲੀਆਂ, 9 ਦੀ ਮੌਤ



**ਸਾਨ ਫਰਾਂਸਿਸਕੋ/ਲੋਕ ਬਾਣੀ**

ਕੈਲੀਫੋਰਨੀਆ ਵਿੱਚ ਹੋਈ ਗੋਲੀਬਾਰੀ ਵਿੱਚ ਕੁੱਲ 9 ਲੋਕਾਂ ਦੀ ਮੌਤ ਹੋ ਗਈ, ਪੁਲਿਸ ਨੇ ਘਟਨਾ ਦੇ ਸ਼ੱਕੀ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਸੈਨ ਮੈਟੋ ਸਥਿਤ ਪੁਲਿਸ ਹੈੱਡਕੁਆਰਟਰ ਨੇ ਦੱਸਿਆ ਕਿ ਗੋਲੀਬਾਰੀ ਸਾਨ ਫਰਾਂਸਿਸਕੋ ਤੋਂ 30 ਮੀਲ ਦੱਖਣ 'ਚ ਹਾਫ ਮੂਨ ਬੇ ਨੇੜੇ ਹਾਈਵੇਅ 'ਤੇ ਹੋਈ। ਪੁਲਿਸ ਨੇ ਦੱਸਿਆ ਕਿ ਇਹ ਪੀੜਤ ਦੋ ਵੱਖ-ਵੱਖ ਥਾਵਾਂ ਤੋਂ ਮਿਲੇ ਹਨ। ਇਸ ਦੇ ਨਾਲ ਹੀ ਅਮਰੀਕਾ ਦੇ ਆਇਓਵਾ 'ਚ ਡੇਸ ਮੋਇਨੇਸ ਸ਼ਹਿਰ ਦੇ ਇਕ ਸਕੂਲ 'ਚ ਹੋਈ ਗੋਲੀਬਾਰੀ 'ਚ 2 ਵਿਦਿਆਰਥੀਆਂ ਦੀ ਮੌਤ ਹੋ ਗਈ।

### ਕੀ ਕਿਹਾ ਸਥਾਨਕ ਆਗੂਆਂ ਨੇ?

ਕੈਲੀਫੋਰਨੀਆ ਦੇ ਸਥਾਨਕ ਨੇਤਾਵਾਂ ਨੇ ਟਵੀਟ ਕੀਤਾ ਕਿ ਉਹ ਸਾਡੇ ਸਥਾਨਕ ਜ਼ਿਲੇ 'ਚ ਗੋਲੀਬਾਰੀ ਕਾਰਨ ਲੋਕਾਂ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹਨ, ਇਸ ਦੇ ਲਈ ਅਸੀਂ ਸਥਾਨਕ ਪ੍ਰਸ਼ਾਸਨ ਦੀ ਮਦਦ ਲਈ ਜੋ ਵੀ ਕਰ ਸਕਦੇ ਹਾਂ, ਕਰਨ ਦੀ ਕੋਸ਼ਿਸ਼ ਕਰਾਂਗੇ।

### ਐਤਵਾਰ ਨੂੰ ਵੀ ਕੈਲੀਫੋਰਨੀਆ 'ਚ ਗੋਲੀਬਾਰੀ ਹੋਈ ਸੀ

ਕੈਲੀਫੋਰਨੀਆ ਵਿੱਚ ਦੋ ਦਿਨਾਂ ਵਿੱਚ ਇਹ ਤੀਜੀ ਘਟਨਾ ਹੈ, ਜਿਸ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਪਹਿਲਾਂ 22 ਜਨਵਰੀ ਨੂੰ ਕੈਲੀਫੋਰਨੀਆ ਦੇ ਲਾਸ ਏਂਜਲਸ ਦੇ ਮੋਂਟੇਰੀ ਪਾਰਕ ਵਿੱਚ ਚੀਨੀ ਨਵੇਂ ਸਾਲ ਦੇ ਜਸ਼ਨ ਦੌਰਾਨ ਹੋਈ ਗੋਲੀਬਾਰੀ ਵਿੱਚ 10 ਲੋਕਾਂ ਦੀ ਮੌਤ ਹੋ ਗਈ ਸੀ।

## ਪੱਟੀ ਤੋਂ ਪੱਤਰਕਾਰ ਦੀ ਨਿਯੁਕਤੀ



**ਰੋਜ਼ਾਨਾ ਲੋਕ ਬਾਣੀ ਅਖਬਾਰ** ਵੱਲੋਂ ਕਪਿਲ ਸਿੰਘ ਨੂੰ ਪੱਟੀ ਤੋਂ ਪੱਤਰਕਾਰ ਨਿਯੁਕਤ ਕੀਤਾ ਜਾਂਦਾ ਹੈ। ਖ਼ਬਰਾ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ।
ਮੋ - 9326080004


ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111

# ਚੇਅਰਮੈਨ ਰਮਨ ਬਹਿਲ ਨੇ ਸਰਕਾਰੀ ਕਾਲਜ ਗੁਰਦਾਸਪੁਰ ’ਚ ਕੰਪਿਊਟਰ ਲੈਬ ਦਾ ਨੀਂਹ ਪੱਥਰ ਰੱਖਿਆ

## 23 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕੰਪਿਊਟਰ ਲੈਬ 31 ਮਾਰਚ ਤੱਕ ਹੋਵੇਗੀ ਮੁਕੰਮਲ






**ਗੁਰਦਾਪੁਰ/ਨਵਨੀਤ ਕੁਮਾਰ**

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਅੱਜ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਨਵੀਂ ਬਣਨ ਵਾਲੀ ਕੰਪਿਊਟਰ ਲੈਬ ਦਾ ਨੀਂਹ ਪੱਥਰ ਰੱਖਿਆ ਗਿਆ। ਪੰਜਾਬ ਸਰਕਾਰ ਵੱਲੋਂ ਇਸ ਕੰਪਿਊਟਰ ਲੈਬ ਦੀ ਉਸਾਰੀ ਉੱਪਰ ਕਰੀਬ 23 ਲੱਖ ਰੁਪਏ ਖਰਚੇ ਜਾਣਗੇ। ਕੰਪਿਊਟਰ ਲੈਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਣ ਉਪਰੰਤ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਇਸ ਨਵੀਂ ਕੰਪਿਊਟਰ ਲੈਬ ਦੀ ਬਹੁਤ ਜਿਆਦਾ ਲੋੜ ਸੀ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਸ ਲੋੜ ਨੂੰ ਪਹਿਲ ਦੇ ਅਧਾਰ ’ਤੇ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਚਨਾ ਤੇ ਤਕਨੌਲੋਜੀ ਦੇ ਇਸ ਦੌਰ ਵਿੱਚ ਕੰਪਿਊਟਰ ਦੀ ਬਹੁਤ ਮਹੱਤਤਾ ਹੈ ਅਤੇ ਇਹ ਨਵੀਂ ਬਣਨ ਵਾਲੀ ਕੰਪਿਊਟਰ ਲੈਬ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਵਿਦਿਆਰਥੀਆਂ ਲਈ ਵਰਦਾਨ ਸਾਬਤ ਹੋਵੇਗੀ। ਸ੍ਰੀ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਕੰਪਿਊਟਰ ਲੈਬ ਦੀ ਉਸਾਰੀ ਉੱਪਰ 23 ਲੱਖ ਰੁਪਏ ਖਰਚ ਕੀਤੇ ਜਾਣਗੇ ਅਤੇ 31 ਮਾਰਚ 2023 ਤੱਕ ਇਹ ਲੈਬ ਬਣ ਕੇ ਤਿਆਰ ਹੋ ਜਾਵੇਗੀ। ਉਚੇਰੀ ਸਿੱਖਿਆ ਬਾਰੇ ਗੱਲ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ

### ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿੱਚ ਉਚੇਰੀ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ - ਚੇਅਰਮੈਨ ਰਮਨ ਬਹਿਲ

ਪੰਜਾਬ ਸਰਕਾਰ ਸੂਬੇ ਵਿੱਚ ਉਚੇਰੀ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਵੱਲੋਂ ਕਾਲਜਾਂ ਵਿੱਚ ਅਧਿਆਪਕਾਂ ਦੀਆਂ 645 ਨਵੀਆਂ ਪੋਸਟਾਂ ਭਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸਤੋਂ ਇਲਾਵਾ ਗੈਸਟ ਫੈਕਲਟੀ ਅਧਿਆਪਕਾਂ ਦੀ ਤਨਖਾਹ ਵਿੱਚ 33600 ਤੋਂ 47000 ਰੁਪਏ ਤੱਕ ਦਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਰੈਗੂਲਰ ਅਧਿਆਪਕਾਂ ਲਈ 7ਵਾਂ ਤਨਖਾਹ ਕਮਿਸ਼ਨ ਲਾਗੂ ਕੀਤਾ ਗਿਆ ਹੈ। ਇਸਦੇ ਨਾਲ ਹੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ੍ਹਨ ਲਈ ਪੰਜਾਬ ਸਰਕਾਰ ਵੱਲੋਂ ਨਵੀਂ ਸਪੋਰਟਸ ਨੀਤੀ ਤਹਿਤ ਕਾਲਜਾਂ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਂਦੇ ਜਾ ਰਹੇ ਹਨ। ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਨੌਜਵਾਨ ਸ਼ਕਤੀ ਸੂਬੇ ਅਤੇ ਦੇਸ਼ ਨੂੰ ਤਰੱਕੀ ਦੀਆਂ ਬੁਲੰਦੀਆਂ ’ਤੇ ਲਿਜਾ ਸਕਦੀ ਹੈ ਅਤੇ ਰਾਜ ਸਰਕਾਰ ਵੱਲੋਂ ਨੌਜਵਾਨਾਂ ਲਈ ਉਚੇਰੀ ਸਿੱਖਿਆ ਪ੍ਰਾਪਤ ਕਰਨ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਢੁਕਵਾਂ ਮਾਹੌਲ ਬਣਾਉਣ ਦੇ ਸੁਹਿਰਦ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਸ. ਗੁਰਿੰਦਰ ਸਿੰਘ ਕਲਸੀ ਨੇ ਚੇਅਰਮੈਨ ਸ੍ਰੀ ਰਮਨ ਬਹਿਲ ਦਾ ਕਾਲਜ ਵਿਖੇ ਪਹੁੰਚਣ ’ਤੇ ਧੰਨਵਾਦ ਕੀਤਾ। ਇਸ ਮੌਕੇ ਪੰਜਾਬੀ ਦੇ ਪ੍ਰੋ. ਬਲਜੀਤ ਸਿੰਘ ਸ਼ਾਹਬਾਦ, ਪ੍ਰੋ. ਬਲਜੀਤ ਸਿੰਘ (ਸਰੀਰਕ ਸਿੱਖਿਆ), ਪ੍ਰੋ. ਹਰਜੀਤ ਸਿੰਘ, ਪ੍ਰੋ. ਕਰਨ ਸ਼ਰਮਾਂ, ਪ੍ਰੋ. ਸਰਬਜੀਤ ਸਿੰਘ, ਪ੍ਰੋ. ਸਤਵਿੰਦਰ ਸਿੰਘ, ਪ੍ਰੋ. ਰਣਜੀਤ ਸਿੰਘ, ਪ੍ਰੋ. ਜੋਗਾ ਸਿੰਘ, ਪ੍ਰੋ. ਗੁਰਦੀਪ ਸਿੰਘ, ਸਾਬਕਾ ਪ੍ਰੋ. ਰਾਜ ਕੁਮਾਰ ਸ਼ਰਮਾਂ, ਆਪ ਆਗੂ ਭਾਰਤ ਭੂਸ਼ਨ ਸ਼ਰਮਾਂ ਤੋਂ ਇਲਾਵਾ ਹੋਰ ਵੀ ਮੋਹਤਬਰ ਹਾਜ਼ਰ ਸਨ।

# ਯੁਵਕ ਸੇਵਾਵਾਂ ਵਿਭਾਗ ਵਲੋਂ ਸਵਾਮੀ ਵਿਵੇਕਾਨੰਦ ਜੀ ਨੂੰ ਸਮਰਪਿਤ ਸਮਾਗਮ ਆਯੋਜਿਤ

**ਲੁਧਿਆਣਾ/ਸੁਖਚੈਨ ਮਹਿਰਾ ਵਰਿੰਦਰ ਪ੍ਰਕਾਸ਼ ਭਾਂਬਰੀ**



ਡਾਇਰੈਕਟੋਰੇਟ ਆਫ ਯੂਥ ਸਰਵਿਸਜ਼, ਪੰਜਾਬ ਚੰਡੀਗੜ੍ਹ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰ ਤੇ 2 ਰੋਜ਼ਾ ਯੁਵਕ ਵੀਕ/ਸਪਤਾਹ ਮਿਤੀ: 23-24 ਜਨਵਰੀ, 2023 ਨੂੰ ਸਰਕਾਰੀ ਕਾਲਜ਼,(ਲੜਕੀਆਂ), ਲੁਧਿਆਣਾ ਵਿਖੇ ਸਹਾਇਕ ਡਾਇਰੈਕਟਰ, ਦਵਿੰਦਰ ਸਿੰਘ ਲੋਟੇ ਦੀ ਅਗਵਾਈ ਹੇਠ ਮਨਾਇਆ ਗਿਆ। ਇਹ ਪ੍ਰੋਗਰਾਮ ਨੌਜਵਾਨਾਂ ਦੇ ਰੋਲ ਮਾਡਲ ਮੰਨੇ ਜਾਂਦੇ ਸਵਾਮੀ ਵਿਵੇਕਾਨੰਦ ਜੀ ਨੂੰ ਸਮਰਪਿਤ ਹੈ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ ਵੱਖ ਵੱਖ ਸਕੂਲ, ਕਾਲਜ ਤੇ ਯੂਥ ਕਲੱਬਾਂ ਦੇ ਵਲੰਟੀਅਰਾਂ ਨੇ ਭਾਗ ਲਿਆ ਅੱਜ ਸਮਾਪਤ ਸਮਾਰੋਹ ਵਿੱਚ ਪੋਸਟਰ ਮੇਕਿੰਗ, ਸਲੋਗਨ ਲਿਖਣ ਅਤੇ ਕਲਾੱਜ਼ ਮੇਕਿੰਗ ਮੁਕਾਬਲੇ, ਸਵਾਮੀ ਵਿਵੇਕਾਨੰਦ ਜੀ ਨੂੰ ਸਮਰਪਿਤ ਸੈਮੀਨਾਰ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।

ਸਵਾਮੀ ਵਿਵੇਕਾਨੰਦ ਜੀ ਨੂੰ ਸਮਰਪਿਤ ਪੋਸਟਰ ਮੇਕਿੰਗ, ਸਲੋਗਨ ਲਿਖਣ ਅਤੇ ਕਲਾੱਜ਼ ਮੇਕਿੰਗ ਦੇ ਮੁਕਾਬਲੇ ਕਰਵਾਏ ਗਏ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਮਾਨਵੀ ਆਨੰਦ ਬੀ.ਸੀ.ਐਮ. ਸੀ.ਸੈ. ਸਕੂਲ, ਸ਼ਾਸਤਰੀ ਨਗਰ, ਲੁਧਿ. , ਦੂਸਰਾ ਸਥਾਨ ਜ਼ੋਤੀ ਸਰਕਾਰੀ ਕਾਲਜ਼, (ਲੜਕੀਆਂ) ਲੁਧਿਆਣਾ ਅਤੇ ਤੀਸਰਾ ਸਥਾਨ ਗਰਿਮਾ ਬੀ.ਸੀ.ਐਮ. ਕਾਲਜ਼ ਆਫ ਐਜੂਕੇਸ਼ਨ, ਲੁਧਿ. ਅਤੇ ਸਮੀਰ ਸਬਰਵਾਲ ਕੋਸੋਲੇਸ਼ਨ ਸਨਮਾਨ ਪ੍ਰਾਪਤ ਕੀਤਾ। ਸਲੋਗਨ ਲਿਖਣ ਮੁਕਾਬਲੇ ਵਿੱਚ ਪਹਿਲਾ ਸਥਾਨ ਜੀਵੀਕਾ ਪੰਸਾਰੀ ਗੁਰੂ ਨਾਨਕ ਖਾਲਸ ਕਾਲਜ਼ ਫਾਰ ਵੂਮੈਨ, ਦੂਸਰਾ ਸਥਾਨ ਗਗਨਦੀਪ ਕ÷ਰ, ਬੀ.ਸੀ.ਐਮ. ਸੀ.ਸੈ. ਸਕੂਲ, ਫੋਕਲ ਪੁਆਇੰਟ ਲੁਧਿਆਣਾਅਤੇ ਤੀਸਰਾ ਸਥਾਨ ਰਸ਼ਮੀਕ ਕੌਰ ਮਾਉਂਟ ਇੰਟਰਨੈਸ਼ਨਲ ਸਕੂਲ, ਲੁਧਿਆਣਾ ਨੇ ਪ੍ਰਾਪਤ ਕੀਤਾ ਅਤੇ ਸ੍ਰੀ ਪ੍ਰਣਵ ਮਲਿਕ ਐਸ.ਸੀ.ਡੀ ਕਾਲਜ਼ ਲੁਧਿਆਣਾ ਨੇ ਚੌਥਾ ਇਨਾਮ (ਕੋਸੋਲੇਸ਼ਨ ਸਨਮਾਨ) ਪ੍ਰਾਪਤ ਕੀਤਾ। ਪੋਸਟ ਮੇਕਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਸਿਮਰਨ ਸਿੰਘ, ਬੀ.ਸੀ.ਐਮ. ਕਾਲਜ਼ ਆਫ ਐਜੂਕੇਸ਼ਨ, ਲੁਧਿਆਣਾ ਦੂਜਾ ਸਥਾਨ ਦੀਪਿਕਾ ਆਰ.ਐਸ ਮਾਡਲ ਸੀ.ਸੈ. ਸਕੂਲ, ਲੁਧਿਆਣਾ ਸੂਰਭੀ ਜੈਨ ਸਰਕਾਰੀ ਕਾਲਜ਼, (ਲੜਕੀਆਂ) ਲੁਧਿਆਣਾ ਅਤੇ ਚੌਥਾ ਸਥਾਨ ਪਰਪ੍ਰੀਤ ਸਿੰਘ ਗੁਰੂ ਨਾਨਕ ਖਾਲਸਾ ਕਾਲਜ਼,(ਲੜਕੀਆਂ) ਲੁਧਿਆਣਾ ਨੇ ਪ੍ਰਾਪਤ ਕੀਤਾ। ਇਸ ਪ੍ਰੋਗਰਾਮ ਦੌਰਾਨ ਗੀਤ, ਸਕਿੱਟ,ਮਮਿਕਰੀ, ਨੁਕੜ ਨਾਟਕ ਭਗੜਾ ਅਤੇ ਗਿੱਧਾ ਪ੍ਰੋਗਰਾਮ ਕਰਵਾਇਆ ਗਿਆ। ਸਿੱਖ ਗਰਲਜ਼ ਸੀ.ਸੈ. ਸਕੂਲ, ਸਿਧਵਾ ਕਲਾਂ ਦੀ ਗਿੱਧਾ ਟੀਮ ਨੂੰ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ।

ਅੱਜ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਨਿਰਮਲ ਜ਼ੋੜਾ, ਡਾਇਰੈਕਟਰ, ਸਟੂਡੈਂਟ ਵੈਲਫੇਅਰ, ਪੀ.ਏ.ਯੂ, ਲੁਧਿਆਣਾ, ਸ਼ ?ਰੀ ਸਤਬੀਰ ਸਿੰਘ ਵੈਲਫੇਅਰ ਅਫਸਰ, ਅਤੇ ਪ੍ਰਿੰਸੀਪਲ ਸ਼ ?ਰੀਮਤੀ ਸੁਮਨ ਲਤਾ ਅਤੇ ਆਏ ਹੋਏ ਹੋਰ ਪਤਵੰਤੇ ਸੱਜਣਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਅਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਮੋਗਾ ਨੇ ਮੁੱਖ ਮਹਿਮਾਨ ਤੇ ਆਏ ਹੋਏ ਸਾਰੇ ਮਹਿਮਾਨਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਜ਼ਿਲ੍ਹਾ ਪੱਧਰੀ ਯੁਵਕ ਵੀਕ/ਸਪਤਾਹ ਦੌਰਾਨ ਮੰਚ ਸੰਚਾਲਨ ਸ਼ ?ਰੀਮਤੀ ਇੰਦਰਪ੍ਰੀਤ ਦੁਆਰਾ ਕੀਤਾ ਗਿਆ। ਜ਼ਿਲ੍ਹਾ ਪੱਧਰੀ ਯੁਵਕ ਵੀਕ/ਸਪਤਾਹ ਦੌਰਾਨ ਨਿਸ਼ਾ ਸੰਗਵਾਲ (ਨੋਡਲ ਅਫਸਰ), ਸ਼ ?ਰੀਮਤੀ ਮਾਧਵੀ, ਸ਼ ?ਰੀਮਤੀ ਹਰਲੀਨ ਕੋਰ, ਰਾਜ਼ਮਿੰਦਰ ਕੌਰ, ਸ੍ਰੀਮਤੀ ਹਰਪ੍ਰੀਤ ਕੌਰ, ਮੇਡਮ ਸੁਪਰਜੀਤ ਕੌਰ ,ਕਿਰਨਜੀਤ ਕੋਰ, ਪਰਮਵੀਰ ਸਿੰਘ, ਲਖਵੀਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਹੋਈਆਂ ਚੋਣਾਂ ਵਿਚ ਹਰਪ੍ਰੀਤ ਸਿੰਘ ਨੇ ਜਿੱਤ ਪ੍ਰਾਪਤ ਕੀਤੀ





**ਅੰਮ੍ਰਿਤਸਰ/ਰਵੀ ਸਹਿਗਲ**

ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਹੋਈਆਂ ਚੋਣਾਂ ਵਿਚ ਖੰਗੂੜਾ ਗਰੁੱਪ ਅਤੇ ਸਰਬਸਾਂਝਾ ਕਾਹਲੋ ਰਾਣੋ ਗਰੁੱਪ ਦੀ ਰਲੀ-ਮਿਲੀ ਚੋਣ ਹੋਈ। ਜ਼ਿਲ੍ਹਾ ਅੰਮ੍ਰਿਤਸਰ ਤਰਨਤਾਰਨ ਪਠਾਨਕੋਟ ਗੁਰਦਾਸਪੁਰ ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਜੋਨ ਲਈ ਖੇਤਰੀ ਦਫਤਰ ਜਲੰਧਰ ਵਿਖੇ ਬੋਰਡ ਮੁਲਾਜ਼ਮਾਂ ਦੀਆਂ ਵੋਟਾਂ ਪਈਆਂ ਸਨ। ਬੋਰਡ ਦੇ ਮੁੱਖ ਦਫਤਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਲੀ ਸਮੇਤ ਚਾਰ ਜੋਨਾਂ ਮੋਗਾ, ਬਠਿੰਡਾ,ਜਲੰਧਰ, ਐਸ ਏ ਐਸ ਨਗਰ ਵਿਚ ਪੰਜਾਬ ਭਰ ਦੇ ਬੋਰਡ ਮੁਲਾਜ਼ਮਾਂ ਜਿਨ੍ਹਾਂ ਵਿੱਚ ਪੰਜਾਬੀ ਸਕੂਲ ਸਿੱਖਿਆ ਬੋਰਡ ਦੇ ਖੇਤਰੀ ਦਫ਼ਤਰਾਂ ਆਦਰਸ਼ ਸਕੂਲਾਂ ਅਤੇ ਮੁੱਖ ਦਫ਼ਤਰ ਦੀਆਂ ਵੱਖ ਵੱਖ ਬ੍ਰਾਂਚ ਦੇ ਕਰਮਚਾਰੀਆਂ ਨੇ ਵੋਟਾਂ ਪਾਈਆਂ। ਇਨ੍ਹਾਂ ਚੋਣਾਂ ਵਿਚ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਖੇਤਰੀ ਦਫਤਰ ਅੰਮ੍ਰਿਤਸਰ ਵਿੱਚ ਤੈਨਾਤ ਹਰਪ੍ਰੀਤ ਸਿੰਘ ਸੀਨੀਅਰ ਸਹਾਇਕ ਨੇ ਸਰਬਸਾਂਝਾ ਕਾਹਲੋ ਰਾਣੋ ਗਰੁਪ ਵੱਲੋਂ ਕਾਰਜਕਾਰਨੀ ਮੈਂਬਰ ਵਜੋਂ ਚੋਣ ਵਿੱਚ ਜਿੱਤ ਪ੍ਰਾਪਤ ਕੀਤੀ। ਜਿੱਤ ਉਪਰੰਤ ਖੇਤਰੀ ਦਫਤਰ ਤੋ ਹਰਪਾਲ ਸਿੰਘ ਜਸਵੰਤ ਸਿੰਘ ਅਸ਼ੋਕ ਕੁਮਾਰ ਭੁਪਿੰਦਰ ਕੌਰ ਰੁਪਿੰਦਰ ਕੌਰ ਗੁਰਦੇਵ ਸਿੰਘ ਕੁਲਵੰਤ ਸਿੰਘ ਅਮਰਜੀਤ ਸਿੰਘ ਰਾਕੇਸ਼ ਭਾਰਤੀ ਨੇ ਚੋਣਾਂ ਜਿੱਤਣ ਉਪਰੰਤ ਖੁਸ਼ੀ ਦਾ ਇਜ਼ਹਾਰ ਕਰਦਿਆਂ ਹਰਪ੍ਰੀਤ ਸਿੰਘ ਦਾ ਸਨਮਾਨ ਕੀਤਾ। ਇਸ ਮੌਕੇ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਹ ਮੁਲਾਜ਼ਮ ਸਾਥੀਆਂ ਦੀਆਂ ਆਸਾਂ ਉਪਰ ਪੂਰਾ ਉਤਰਨ ਲਈ ਯਤਨਸ਼ੀਲ ਰਹਿਣਗੇ। ਇਸ ਮੌਕੇ ਹਰਮੀਤ ਸਿੰਘ ਨੇ ਸਾਰੇ ਸਾਥੀਆਂ ਦਾ ਬਹੁਤ ਬਹੁਤ ਧੰਨਵਾਦ ਕੀਤਾ।

## ਥਾਣਾ ਬੀ-ਡਵੀਜ਼ਨ ਵੱਲੋਂ, ਗੈਸਟ ਹਾਊਸ ਵਿੱਚ ਦੇਹ ਵਪਾਰ ਦਾ ਧੰਦਾ ਕਰਨ ਵਾਲੇ ਜੀਜਾ, ਸਾਲਾ ਤੇ ਇੱਕ ਏਜੰਟ ਗ੍ਰਿਫ਼ਤਾਰ



**ਅੰਮ੍ਰਿਤਸਰ/ਰਵੀ ਸਹਿਗਲ**

ਮੁੱਖ ਅਫ਼ਸਰ ਥਾਣਾ ਬੀ-ਡਵੀਜ਼ਨ ਇੰਸਪੈਕਟਰ ਸ਼ਿਵਦਰਸ਼ਨ ਸਿੰਘ ਸਮੇਤ ਪੁਲਿਸ ਪਾਰਟੀ ਵੱਲੋ ਗਸ਼ਤ ਦੌਰਾਨ ਚੌਕ ਲੱਕੜ ਮੰਡੀ ਨੇੜੇ ਜਲਿਆ ਵਾਲਾ ਬਾਗ ਵਿੱਖੇ ਮੌਜੂਦ ਸੀ ਤਾਂ ਸੂਚਨਾਂ ਮਿਲੀ ਕਿ ਸਿਮਰਨਜੀਤ ਸਿੰਘ ਭਾਟੀਆ ਪੁੱਤਰ ਜਤਿੰਦਰ ਸਿੰਘ ਭਾਟੀਆਂ ਅਤੇ ਇਸਦਾ ਸਾਲਾ ਸਤਨਾਮ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਗਲੀ ਨੰਬਰ 03, ਸ਼ਹੀਦ ਉੱਧਮ ਸਿੰਘ ਨਗਰ, ਦੋਨੋਂ ਰੱਲ ਕੇ ਐਨ.ਐਸ. ਗੈਸਟ ਹਾਊਸ, ਸਾਹਮਣੇ ਬਿਜ਼ਲੀ ਘਰ, ਅੰਮ੍ਰਿਤਸਰ ਵਿੱਖੇ ਚਲਾਉਂਦੇ ਹਨ ਅਤੇ ਗੈਸਟ ਹਾਊਸ ਵਿੱਚ ਲੜਕੀਆਂ ਨੂੰ ਰੱਖ ਕੇ ਅਤੇ ਬਾਹਰੋਂ ਗ੍ਰਾਹਕ ਬੁਲਾ ਕੇ ਉਹਨਾਂ ਪਾਸੋਂ ਮਨਚਾਹੇ ਪੈਸੇ ਲੈ ਕੇ ਕਮਰੇ ਕਿਰਾਏ ਤੇ ਦੇਂਦੇ ਹਨ ਅਤੇ ਆਪਣੇ ਮੋਬਾਇਲ ਫੋਨ ਵਿੱਚੋਂ ਲੜਕੀਆਂ ਦੀਆਂ ਤਸਵੀਰਾਂ ਦਿਖਾ ਕੇ ਲੜਕੀਆਂ ਨੂੰ ਪਸੰਦ ਕਰਵਾ ਕੇ ਲੜਕੀਆਂ ਦੀ ਮਜ਼ਬੂਰੀ ਦਾ ਫਾਇਦਾ ਉੱਠਾ ਕੇ ਜਿਸਮ ਫਿਰੋਸ਼ੀ ਦਾ ਧੰਦਾ ਕਰਦੇ ਹਨ ਜਿਸਤੇ ਮੁੱਖ ਅਫ਼ਸਰ ਥਾਣਾ ਬੀ-ਡਵੀਜ਼ਨ ਸਮੇਤ ਪੁਲਿਸ ਫੋਰਸ ਵੱਲੋਂ ਯੋਜ਼ਨਾਬੱਧ ਤਰੀਕੇ ਨਾਲ ਐਨ.ਐਸ ਗੈਸਟ ਹਾਉਂਸ ਵਿੱਖੇ ਰੇਡ ਕਰਕੇ ਹੋਟਲ ਦੇ ਸੰਚਾਲਕ ਸਿਮਰਨਜੀਤ ਸਿੰਘ ਭਾਟੀਆ ਅਤੇ ਸਤਨਾਮ ਸਿੰਘ, ਇਸਤੋਂ ਇਲਾਵਾ ਗ੍ਰਾਹਕ ਲਿਆਉਂਣ ਵਾਲੇ ਏਜੰਟ ਰੋਹਿਤ ਨੂੰ ਵੀ ਕਾਬੂ ਕੀਤਾ ਅਤੇ ਸਰਚ ਦੌਰਾਨ ਕਮਰਿਆ ਵਿੱਚੋਂ ਅਪੱਤੀਜਨਕ ਸਮੱਗਰੀ ਪ੍ਰਾਪਤ ਕੀਤੀ। ਇਹ ਦੋਨੋਂ ਜੀਜਾ ਤੇ ਸਾਲਾ ਰੱਲ ਕੇ ਪਿੱਛਲੇ ਕਾਫੀ ਸਮੇਂ ਤੋਂ ਇਸ ਏਰੀਏ ਵਿੱਚ ਦੇਹ ਵਪਾਰ ਦਾ ਧੰਦਾ ਕਰ ਰਹੇ ਸਨ। ਤਫ਼ਤੀਸ਼ ਜਾਰੀ ਹੈ ਇਸ ਮੌਕੇ ਐਸ ਐਚ ਓ ਥਾਣਾ ਬੀ ਡਿਵੀਜ਼ਨ ਨੇ ਦੱਸਿਆ ਕਿ ਭਵਿੱਖ ਵਿੱਚ ਇਹ ਮੁਹਿੰਮ ਜਾਰੀ ਰਹੇਗੀ, ਕਿਸੇ ਹੋਟਲ/ਗੈਸਟ ਹਾਉਂਸ ਦੇ ਸੰਚਾਲਕਾਂ ਵੱਲੋਂ ਦੇਹ ਵਪਾਰ, ਜੂਆ ਜਾਂ ਕਿਸੇ ਕਿਸਮ ਦਾ ਕੋਈ ਹੋਰ ਗੈਰ ਕਾਨੂੰਨੀ ਧੰਦਾ ਕਰਦਾ ਪਾਇਆ ਗਿਆ ਤੇ ਉਸਦੇ ਖਿਲਾਫ਼ ਕਾਨੂੰਨ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਆਮ ਜਨਤਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਇਹੋ ਜਿਹੇ ਗਲੀਆਂ ਵਿਚ ਖੁੱਲ੍ਹੇ ਹੋਟਲ ਜਿਨ੍ਹਾਂ ਕੋਲ ਹੋਟਲ ਖੋਲਣ ਦਾ ਕੋਈ ਵੀ ਲਾਇਸੰਸ ਨਹੀਂ ਅਜਿਹੇ ਹੋਟਲਾਂ ਤੇ ਮੁੱਖ ਮੰਤਰੀ ਪੰਜਾਬ ਨੂੰ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਅਜਿਹੇ ਹੋਟਲਾਂ ਵਿਚ ਦੇਹ ਵਪਾਰ ਦਾ ਧੰਦਾ ਨਾ ਹੋ ਸਕੇ। ਸਰਕਾਰ ਨੂੰ ਅਜਿਹੇ ਹੋਟਲਾਂ ਨੂੰ ਬੰਦ ਕਰ ਦੇਣਾ ਚਾਹੀਦਾ ਹੈ।

## ਸਤਿਗੁਰੂ ਰਾਮ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ 26 ਨੂੰ

### ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਭੈਣੀ ਸਾਹਿਬ ਵਿਖੇ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਕਰਨਗੇ ਸ਼ਿਰਕਤ



**ਲੁਧਿਆਣਾ/ਸੁਖਚੈਨ ਮਹਿਰਾ**

ਨਾਮਧਾਰੀ ਸੰਪਰਦਾ ਦੇ ਬਾਨੀ ਅਤੇ ਆਧੁਨਿਕ ਆਜ਼ਾਦੀ ਦੀ ਲਹਿਰ ਦੇ ਮੋਢੀ ਸਤਿਗੁਰੂ ਰਾਮ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ 26 ਜਨਵਰੀ ਨੂੰ ਸ੍ਰੀ ਭੈਣੀ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਨੇ ਦੱਸਿਆ ਕਿ ਰਾਜ ਪੱਧਰੀ ਸਮਾਗਮ 26 ਜਨਵਰੀ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਹੋਵੇਗਾ।ਇਸ ਮੌਕੇ ਵਿਧਾਨ ਸਭਾ ਸਪੀਕਰ ਤੋਂ ਇਲਾਵਾ ਸੂਬਾ ਸਰਕਾਰ ਦੇ ਵੱਖ-ਵੱਖ ਨੁਮਾਇੰਦੇ, ਵਿਧਾਇਕ ਸਹਿਬਾਨ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਆਜ਼ਾਦੀ ਘੁਲਾਟੀਆਂ ਅਤੇ ਹਜ਼ਾਰਾਂ ਪੈਰੋਕਾਰਾਂ ਦੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਉਮੀਦ ਹੈ। ਸ੍ਰੀਮਤੀ ਮਲਿਕ ਨੇ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਮੇਟੀ ਗਠਿਤ ਕਰਨ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਨਿਸ਼ਚਿਤ ਕਰਨ ਦੇ ਹੁਕਮ ਵੀ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਕਿਹਾ ਅਤੇ ਸੁਚੱਜੇ ਢੰਗ ਨਾਲ ਵਿਉਂਤਬੰਦੀ ਅਤੇ ਅਮਲ ਕਰਕੇ ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਕਿਹਾ।

# ਏ.ਡੀ.ਜੀ.ਪੀ. ਵਲੋਂ 74ਵੇਂ ਗਣਤੰਤਰ ਦਿਵਸ ਤੋਂ ਪਹਿਲਾਂ ਸੁਰੱਖਿਆ ਤਿਆਰੀਆਂ ਦਾ ਜਾਇਜ਼ਾ

## ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧਾਂ 'ਚ ਇਜਾਫਾ ਕਰਨ ਦੇ ਵੀ ਦਿੱਤੇ ਨਿਰਦੇਸ਼

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਸੁਰੱਖਿਆ) ਸੁਧਾਂਸ਼ੂ ਐਸ ਸ੍ਰੀਵਾਸਤਵ ਵਲੋਂ 74ਵੇਂ ਗਣਤੰਤਰ ਦਿਵਸ ਦੇ ਜਸ਼ਨਾਂ ਤੋਂ ਪਹਿਲਾਂ ਸੁਰੱਖਿਆ ਪ੍ਰਬੰਧਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਸ਼ਹਿਰ ਵਿੱਚ ਖਾਸ ਕਰਕੇ ਸਾਰੀਆਂ ਸੰਵੇਦਨਸ਼ੀਲ ਥਾਵਾਂ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ।



ਲੁਧਿਆਣਾ ਦੇ ਕੁਝ ਅਹਿਮ ਸਥਾਨਾਂ ਦਾ ਦੌਰਾ ਕਰਦਿਆਂ, ਏ.ਡੀ.ਜੀ.ਪੀ. ਨੇ ਪੰਜਾਬ ਪੁਲਿਸ ਦੀ ਹਰ ਹੀਲੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਪ੍ਰਬੰਧਾਂ ਦਾ ਨਿਰੀਖਣ ਕਰਨ ਦਾ ਇੱਕੋ ਇੱਕ ਉਦੇਸ਼ ਸੁਰੱਖਿਆ ਪ੍ਰਣਾਲੀ ਨੂੰ ਵਧੇਰੇ ਜਵਾਬਦੇਹ ਅਤੇ ਕੁਸ਼ਲ ਬਣਾਉਣਾ ਹੈ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਪਹਿਲਾਂ ਹੀ ਪੁਖਤਾ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਸ੍ਰੀਵਾਸਤਵ ਨੇ ਅੱਗੇ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਵੱਲੋਂ ਸੰਵੇਦਨਸ਼ੀਲ ਥਾਵਾਂ 'ਤੇ ਸੁਰੱਖਿਆ ਪ੍ਰਬੰਧਾਂ ਦੀ ਜਾਂਚ ਕਰਨ ਲਈ ਨਿਯਮਤ ਤੌਰ 'ਤੇ ਅਚਨਚੇਤ ਦੌਰੇ ਕੀਤੇ ਜਾ ਰਹੇ ਹਨ। ਉਨ੍ਹਾਂ ਸਬ ਡਵੀਜ਼ਨਲ ਏ.ਸੀ.ਪੀਜ਼ ਅਤੇ ਐਸ.ਐਚ.ਓਜ਼ ਨੂੰ ਆਪਣੀ ਸਰਗਰਮ ਭੂਮਿਕਾ ਨਿਭਾਉਣ ਅਤੇ ਇਲਾਕੇ ਵਿੱਚ ਅਮਨ ਸ਼ਾਂਤੀ ਨੂੰ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ।

ਬਾਅਦ ਵਿੱਚ, ਏ.ਡੀ.ਜੀ.ਪੀ. ਵਲੋਂ ਜੀਓ ਰੈਂਕ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਵੀ ਕੀਤੀ, ਜਿੱਥੇ ਉਨ੍ਹਾਂ ਅਧਿਕਾਰੀਆਂ ਨੂੰ ਜਨਤਕ ਥਾਵਾਂ 'ਤੇ 24 ਘੰਟੇ ਗਸ਼ਤ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਗਣਤੰਤਰ ਦਿਵਸ ਦੇ ਮੱਦੇਨਜ਼ਰ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ/ਪੀਸੀਆਰ ਸਟਾਫ਼ ਨੂੰ ਸ਼ਹਿਰ ਦੀ ਚੌਵੀ ਘੰਟੇ ਨਿਗਰਾਨੀ ਅਤੇ ਗਸ਼ਤ ਕਰਨ ਲਈ ਕਿਹਾ ਗਿਆ ਹੈ।

# ਜੀਨ ਐਡਟਿੰਗ- ਭੋਜਨ ਸੁਰੱਖਿਆ ਹਾਸਲ ਕਰਨ ਲਈ ਅਤੇ ਖੇਤੀਬਾੜੀ ਨੂੰ ਜਲਵਾਯੂ ਦੇ ਅਨੁਕੂਲ ਬਣਾਉਣ ਲਈ ਇੱਕ ਸਾਧਨ

## ਡਾ. ਰਤਨਾ ਕੁਮਰੀਆ, ਡਾਇਰੈਕਟਰ- ਐਗਰੀ ਬਾਇਓਟੈਕ, ਅਲਾਇੰਸ ਫਾਰ ਐਗਰੀ ਇਨੋਵੇਸ਼ਨ- ਫੈਡਰੇਸ਼ਨ ਆਫ ਸੀਡ ਇੰਡਸਟਰੀ ਆਫ ਇੰਡੀਆ ਦਾ ਇੱਕ ਵਿਸ਼ੇਸ਼ ਹਿੱਤ ਸਮੂਹ

**ਚੰਡੀਗੜ੍ਹ/ਵਿਨੋਦ ਸ਼ਰਮਾ**

ਜੀਨ ਏਡਟਿੰਗਤਕਨੀਕ ਨਾਵਲ ਬਾਇਓਟੈਕਨਾਲੌਜੀ ਐਪਲੀਕੇਸ਼ਨ ਵਜੋਂ ਦੁਨੀਆ ਭਰ ਵਿੱਚ ਸੁਰਖੀਆਂ ਬਟੋਰ ਰਹੀ ਹੈ ਜਿਸ ਨੇ ਵਿਗਿਆਨੀਆਂ, ਖੋਜਕਰਤਾਵਾਂ ਅਤੇ ਖੇਤੀਬਾੜੀ ਮਾਹਰਾਂ ਨੂੰ ਬੂਟਿਆਂ ਦੇ ਪ੍ਰਜਨਨ ਖੇਤਰ ਵਿੱਚ ਕ੍ਰਾਂਤੀ ਲਿਆਉਣ ਅਤੇ ਖੇਤੀਬਾੜੀ ਅਤੇ ਭੋਜਨ ਪ੍ਰਣਾਲੀਆਂ ਨੂੰ ਬਦਲਣ ਦੀ ਆਸ ਅਤੇ ਭਰੋਸਾ ਦਿੱਤਾ ਹੈ। ਇਸ ਨੇ ਇੱਕ ਵੱਖ ਸਪੀਸੀਜ਼ ਤੋਂ ਕੋਈ ਵੀ ਬਾਹਰੀ 4©1 ਸ਼ਾਮਲ ਕੀਤੇ ਬਿਨਾਂ ਲੋੜੀਂਦੀਆਂ ਵਿਸ਼ੇਸ਼ਤਾਵਾਂ ਵਿੱਚ ਵਾਧਾ ਕਰਨ ਜਾਂ ਫਸਲਾਂ ਵਿੱਚੋਂ ਅਣਚਾਹੀਆਂ ਵਿਸ਼ੇਸ਼ਤਾਵਾਂ ਨੂੰ ਹਟਾਉਣ ਦਾ ਰਾਹ ਪੱਧਰਾ ਕੀਤਾ ਹੈ। ਜੀਨ ਏਡਟਿੰਗ, 4©1 ਵਿੱਚ ਸਟੀਕ ਕਟੌਤੀ ਕਰਕੇ ਜੀਨੋਮ ਨੂੰ ਸੋਧਣ ਦਿੰਦਾ ਹੈ, ਇਸ ਤੋਂ ਬਾਅਦ ਕੁਦਰਤੀ ਮੁਰੰਮਤ ਪ੍ਰਕਿਰਿਆਵਾਂ ਹੁੰਦੀਆਂ ਹਨ ਜਿਹੜੀਆਂ ਕੁਝ 4©1 ਅਧਾਰਾਂ ਨੂੰ ਹਟਾਉਣ ਜਾਂ ਜੋੜਨ ਵੱਲ ਲੈ ਜਾਂਦੀਆਂ ਹਨ। ਕਿਉਂਕਿ ਸੋਧ ਕੁਦਰਤੀ ਬਦਲਾਅ ਦੇ ਸਮਾਨ ਹੁੰਦਾ ਹੈ, ਏਡਟਿੰਗਬੂਟਿਆਂ ਨੂੰ ਟ ?ਰਾਂਸਜੇਨਿਕ ਫਸਲਾਂ ਲਈ ਲੋੜੀਂਦੇ ਸੰਪੂਰਨ ਸੁਰੱਖਿਆ ਮੁਲਾਂਕਣ ਦੀ ਜਰੂਰਤ ਨਹੀਂ ਪੈਂਦੀ ਹੈ।



ਵੱਖ-ਵੱਖ ਰੋਗਾਂ ਅਤੇ ਪ੍ਰਤੀਕੂਲ ਮੌਸਮ ਦੇ ਪੈਟਰਨ ਵਿਸ਼ਵ-ਵਿਆਪੀ ਸਿਹਤ, ਭੋਜਨ ਅਤੇ ਪੋਸ਼ਣ ਸੁਰੱਖਿਆ ਨੂੰ ਜੋਖਮ ਵਿੱਚ ਪਾਉਂਦੇ ਹਨ। ਜਲਵਾਯੂ ਪਰਿਵਰਤਨ ਦੇ ਕਾਰਕੇ ਬਾਇਓਟਿਕ ਅਤੇ ਅਬਾਇਓਟਿਕ ਤਣਾਅ ਦੀ ਵਧਦੀ ਤੀਬਰਤਾ ਅਤੇ ਬਾਰੰਬਾਰਤਾ ਨੇ ਖੇਤੀਬਾੜੀ ਸੈਕਟਰ 'ਚ ਤਬਾਹੀ ਮਚਾਈ ਹੋਈ ਹੈ। ਉਹ ਫਸਲਾਂ ਦੇ ਘਾਟੇ ਦੇ ਨਾਲ-ਨਾਲ ਉੱਚਤਮ ਮਿਆਰ ਦੀ ਪੌਸ਼ਟਿਕ ਮੁੱਲ ਵਾਲੀ ਫਸਲਾਂ ਦਾ ਉਤਪਾਦਨ ਕਰ ਰਹੇ ਹਨ। ਖੇਤੀਬਾੜੀ ਦਾ ਸੰਕਟ ਅਤੇ ਕੁਪੋਸ਼ਣ ਦਾ ਭਾਰ ਵਿਅਕਤੀਆਂ, ਰਾਸ਼ਟਰਾਂ ਅਤੇ ਸਮੁੱਚੇ ਵਿਸ਼ਵ ਲਈ ਆਰਥਿਕ, ਸਮਾਜਕ ਅਤੇ ਵਿਕਾਸ ਦਾ ਗੰਭੀਰ ਨਤੀਜਾ ਹੋ ਸਕਦਾ ਹੈ। ਇਸ ਤਰ੍ਹਾਂ, ਜੀਨ-ਏਡਟਿੰਗ ਸਾਧਨ ਬਿਹਤਰ ਅਤੇ ਨਿਸ਼ਚਿਤ ਭਵਿੱਖ ਲਈ ਇੱਕ ਭਰੋਸੇਮੰਦ ਅਤੇ ਟਿਕਾਊ ਮਾਰਗ ਜਾਪਦਾ ਹਨ।

ਦੁਨੀਆ ਭਰ ਦੇ ਵਿਗਿਆਨੀਆਂ ਦੁਆਰਾ ਇਸ ਤਕਨੀਕ ਦੀ ਵਰਤੋਂ ਖੇਤੀਬਾੜੀ ਦੇ ਖੇਤਰ ਵਿੱਚ ਉਤਸ਼ਾਹਜਨਕ ਅਤੇ ਸ਼ਾਨਦਾਰ ਨਤੀਜਿਆਂ ਨਾਲ ਕੀਤੀ ਜਾ ਰਹੀ ਹੈ। ਗਾਬਾ ਟਮਾਟਰ ਜਾਪਾਨ ਵਿੱਚ ਵਪਾਰਕ ਬਾਜ਼ਾਰ ਵਿੱਚ ਦਾਖਲ ਹੋਣ ਵਾਲਾ ਪਹਿਲਾ ਜੀਨ-ਏਡਟਿੰਗ ਭੋਜਨ ਸੀ। ਇਹ ਮਾਨਸਿਕ ਤਣਾਅ ਅਤੇ ਬਲੱਡ ਪ੍ਰੈਸ਼ਰ ਨੂੰ ਘਟਾ ਸਕਦਾ ਹੈ। ਏਡਟਿੰਗ ਤਕਨੀਕਾਂ ਦੀ ਵਰਤੋਂ ਕਰਕੇ, ਟਮਾਟਰ ਦੀ ਇੱਕ ਹੋਰ ਕਿਸਮ ਨੂੰ ਵਿਟਾਮਿਨ 4 ਨਾਲ ਭਰਪੂਰ ਬਣਾਇਆ ਗਿਆ ਸੀ। ਇਹ ਉਨ੍ਹਾਂ ਅਰਬਾਂ ਲੋਕਾਂ ਲਈ ਇੱਕ ਦਾਤ ਵਜੋਂ ਹੈ ਜੋ ਵਿਟਾਮਿਨ-4 ਦੀ ਘਾਟ ਕਾਰਨ ਕਮਜੋਰ ਹੱਡੀਆਂ, ਕੈਂਸਰ ਅਤੇ ਕਮਜ਼ੋਰ ਇਮਿਊਨ ਫੰਕਸ਼ਨ ਤੋਂ ਪੀੜਤ ਹਨ। ਇਸੇ ਤਰ੍ਹਾਂ, ਬੀਟਾ-ਕੈਰੋਟੀਨ ਦੇ ਉੱਚ ਪੱਧਰਾਂ ਦੇ ਨਾਲ, ਵਿਟਾਮਿਨ-1 ਨਾਲ ਭਰਪੂਰ ਚੌਲਾਂ ਨੂੰ ਏਡਟਿੰਗ ਦੀ ਵਰਤੋਂ ਕਰਕੇ ਵਿਕਸਤ ਕੀਤਾ ਗਿਆ ਹੈ।

ਇਸ ਵੇਲੇ ਸਾਡੀ ਖੇਤੀ ਪ੍ਰਣਾਲੀ ਸਰੋਤਾਂ ਦੀ ਘਾਟ, ਕੀੜਿਆਂ, ਰੋਗਾਂ, ਵਾਢੀ ਤੋਂ ਬਾਅਦ ਦੀਆਂ ਚੁਣੌਤੀਆਂ ਅਤੇ ਅਣ-ਅਨੁਮਾਨਤ ਮੌਸਮ ਕਰਕੇ ਬਹੁਤ ਤਣਾਅ ਵਿੱਚ ਹੈ। ਜਲਵਾਯੂ ਪਰਿਵਰਤਨ ਦੇ ਨਾਲ, ਇਹਨਾਂ ਮੁੱਦਿਆਂ ਦੇ ਤੀਬਰ ਹੋਣ ਦੀ ਆਸ ਹੈ, ਅਤੇ ਇਹ ਭੋਜਨ ਸੁਰੱਖਿਆ ਅਤੇ ਪੇਂਡੂ ਜੀਵਨ ਨੂੰ ਨੁਕਸਾਨ ਪਹੁੰਚਾ ਸਕਦੇ ਹਨ। ਜੀਨ ਏਡਟਿੰਗ ਵਰਗੀਆਂ ਤਕਨੀਕਾਂ ਜਲਵਾਯੂ ਪਰਿਵਰਤਨ ਦੇ ਹਾਨੀਕਾਰਕ ਪ੍ਰਭਾਵਾਂ ਦਾ ਮੁਕਾਬਲਾ ਕਰ ਸਕਦੀਆਂ ਹਨ ਅਤੇ ਫਸਲਾਂ ਨੂੰ ਵੱਖੋ-ਵੱਖਰੇ ਕੀੜਿਆਂ ਅਤੇ ਰੋਗਾਂ, ਉੱਚ ਖਾਰੇਪਣ, ਹੜ੍ਹਾਂ, ਸੋਕੇ ਅਤੇ ਅਣ-ਅਨੁਮਾਨਤ ਮੌਸਮ ਦੇ ਪੈਟਰਨਾਂ ਤੋਂ ਬਚਾ ਸਕਦੀਆਂ ਹਨ। ਏਡਟਿੰਗ ਉਪਰੋਕਤ ਮੁੱਦਿਆਂ ਨੂੰ ਘੱਟ ਕਰਨ ਲਈ, ਜਿੱਥੇ ਪ੍ਰਜਨਨ ਦੇ ਰਵਾਇਤੀ ਢੰਗ ਸਮੇਂ ਸਿਰ ਹੱਲ ਪ੍ਰਦਾਨ ਨਹੀਂ ਕਰ ਸਕਦੇ ਉੱਥੇ ਸੁਧਰੀਆਂ ਫਸਲਾਂ ਦੇ ਪ੍ਰਜਨਨ ਨੂੰ ਤੇਜ਼ ਕਰੇਗੀ। ਇਸ ਤਰ੍ਹਾਂ, ਸਾਨੂੰ ਕਿਸਾਨਾਂ ਦੀ ਖੁਸ਼ਹਾਲੀ ਅਤੇ ਖਪਤਕਾਰਾਂ ਦੀ ਸਿਹਤ ਨੂੰ ਯਕੀਨੀ ਬਣਾਉਣ ਲਈ ਜੀਨ ਏਡਟਿੰਗ ਵਰਗੀਆਂ ਨਵੀਆਂ ਤਕਨੀਕਾਂ ਦੀ ਵਿਆਪਕ ਵਰਤੋਂ ਦੀ ਲੋੜ ਹੈ।

# ਤਰਨਤਾਰਨ ਨੇੜੇ ਪਿੰਡ ਜਟਾ ਵਿਖੇ ਬੀਤੀ ਦੇਰ ਰਾਤ ਨੂੰ ਪਤੀ-ਪਤਨੀ ਦਾ ਝਗੜਾ ਨੂੰ ਸ਼ਾਂਤ ਕਰਵਾਉਣ ਗਏ ਵਿਅਕਤੀ ਦਾ ਕੀਤਾ ਕਤਲ

**ਸਭਰਾ/ਕਿਸ਼ੋਰੀ ਲਾਲ ਹੈਪੀ ਸਭਰਾ**

ਮੌਕੇ ਤੇ ਥਾਣਾ ਸਰਹਾਲੀ ਪੁਲੀਸ ਪੁਜ ਕੇ ਲਾਸ ਨੂੰ ਆਪਣਾ ਕਬਜੇ ਵਿਚ ਲੈ ਕੇ ਪੋਸਟਮਾਰਟਮ ਕਰਵਾਉਣ ਲਈ ਤਰਨਤਾਰਨ ਸਿਵਲ ਹਸਪਤਾਲ ਭੇਜ ਦਿੱਤੀ ਗਾਈ। ਘਰ ਪ੍ਰਵਾਰ ਮੈਂਬਰ ਦੇ ਬਿਆਨਾ ਤੇ ਮਾਮਲਾ ਇਰਾਦਾ ਕਾਤਲ ਦੇ ਦੋਸ ਹੇਠਾ ਮਾਮਲਾ ਦਰਜ ਕਰ ਲਿਆ ਗਾਏ।



ਬੀਤੀ ਦੇਰ ਰਾਤ ਨੂੰ ਪਿੰਡ ਜਟਾ ਵਿਚ ਇਕ ਘਰ ਵਿਚ ਆਪਸੀ ਪਤੀ/ਪਤਨੀ ਲੜ ਰਹੇ ਨੂੰ ਸਾਤ ਕਰਵਾਉਣ ਲਈ ਗਾਏ ਵਿਅਕਤੀ ਦਾ ਕੀਤਾ ਗਾਏ । ਡਿਊਟੀ ਅਫਸਰ ਥਾਣਾ ਸਰਹਾਲੀ ਦੇ ਮੁਖਤਿਆਰ ਸਿੰਘ ਨੇ ਦੱਸਿਆ ਕਿ ਬੀਤੀ ਦੇਰ ਰਾਤ ਪਿੰਡ ਜਟਾ ਵਿਖੇ ਇਕ ਘਰ ਵਿਚ ਗੁਆਂਢੀ ਆਪਣੀ ਪਤਨੀ ਨੂੰ ਕੁਟ ਮਾਰ ਕਰ ਰਹੇ ਸੀ ।ਜਿਸ ਨੂੰ ਦੋਵੇ ਨੂੰ ਸਾਤ ਕਰਵਾਉਣ ਲਈ ਗਾਏ ਉਪਰ ਕਿਰਚ ਅਤੇ ਡਾਗਾ ਸੋਟਾ ਨਾਲ ਵਾਰ ਕੇ ਮੌਕੇ ਤੇ ਕੀਤਾ ਕਾਤਲ ।ਬਾਅਦ ਆਪ ਫਰਾਰ ਹੋਣ ਵਿਚ ਸਫਲ ਹੋ ਗਾਏ ।ਘਟਨਾ ਦੀ ਸੂਚਨਾ ਮਿਲਣ ਤੇ ਮੌਕੇ ਪਿੰਡ ਪੁਜ ਕੇ ਲਾਸ ਨੂੰ ਆਪਣਾ ਕਬਜੇ ਵਿਚ ਲੈ ਕੇ ਪੋਸਟਮਾਰਟਮ ਕਰਵਾਉਣ ਲਈ ਤਰਨਤਾਰਨ ਸਿਵਲ ਹਸਪਤਾਲ ਵਿਚ ਭੇਜ ਦਿਤੀ ਗਾਏ ਹੈ ।ਅਤੇ ਪਰਿਵਾਰ ਦੇ ਮੋਬਰਾ ਤੇ ਮਾਮਲਾ ਦਰਜ ਕਰ ਲਿਆ ਗਾਏ ਹੈ ।ਦੋਸੀਆ ਦੀ ਭਾਲ ਵਾਸਤੇ ਵਖ ਵਖ ਪੁਲਿਸ ਟੀਮਾ ਬਣ ਕੇ ਭਾਲ ਸੁਰੂ ਕਰ ਦਿੱਤੀ ਗਈ ਹੈ।

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵਿਖੇ ਰਾਸ਼ਟਰੀ ਬਾਲਿਕਾ ਦਿਵਸ ਮਨਾਇਆ ਗਿਆ

**ਦੀਨਾਨਗਰ/ਡਾ ਰਮੇਸ਼ ਸਰੰਗਲ**

ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੇ ਐਨ ਐਸ ਐਸ ਵਿਭਾਗ ਅਤੇ ਫਾਈਨ ਆਰਟਸ ਵਿਭਾਗ ਨੇ ਏਕ ਭਾਰਤ ਸ੍ਰੇਸ਼ਠ ਭਾਰਤ ਮਿਸ਼ਨ ਤਹਿਤ ਪ੍ਰਿੰਸੀਪਲ ਡਾ. ਗੀਨਾ ਤਲਵਾਰ ਦੀ ਯੋਗ ਅਗਵਾਈ ਹੇਠ ਅੱਜ "ਰਾਸ਼ਟਰੀ ਬਾਲਿਕਾ ਦਿਵਸ"ਮਨਾਇਆ। ਇਸ ਦੌਰਾਨ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਦਿਨ ਨੂੰ ਮਨਾਉਣ ਦਾ ਮਕਸਦ ਭਾਰਤੀ ਸਮਾਜ ਵਿੱਚ ਲੜਕੀਆਂ ਨਾਲ ਹੋ ਰਹੀਆਂ ਬੇਇਨਸਾਫ਼ੀ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਪ੍ਰਿੰਸੀਪਲ ਡਾ: ਗੀਨਾ ਤਲਵਾਰ ਨੇ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਮੁੱਖ ਮੰਤਵ ਲੜਕੀਆਂ ਨੂੰ ਕਾਨੂੰਨੀ ਅਧਿਕਾਰਾਂ, ਸਿੱਖਿਆ, ਰੁਜ਼ਗਾਰ, ਕੱਪੜੇ, ਡਾਕਟਰੀ ਦੇਖਭਾਲ ਅਤੇ ਹੋਰ ਖੇਤਰਾਂ ਸਮੇਤ ਵੱਖ-ਵੱਖ ਖੇਤਰਾਂ ਵਿਚ ਦਰਪੇਸ਼ ਅਸਮਾਨਤਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਰਾਸ਼ਟਰੀ ਬਾਲਿਕਾ ਦਿਵਸ ਦਾ ਉਦੇਸ਼ ਲੜਕੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਵੀ ਲੜਕਿਆਂ ਦੇ ਬਰਾਬਰ ਮੌਕੇ ਮਿਲ ਸਕਣ ਅਤੇ ਦੇਸ਼ ਦੀ ਬਾਲਿਕਾ ਦਾ ਸਮਰਥਨ ਕੀਤਾ ਜਾ ਸਕੇ ਅਤੇ ਲਿੰਗ ਅਧਾਰਤ ਪੱਖਪਾਤ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਨੇ ਰਾਸ਼ਟਰੀ ਬਾਲਿਕਾ ਦਿਵਸ ਦੇ ਵਿਸ਼ਿਆਂ 'ਤੇ ਵੀ ਚਾਨਣਾ ਪਾਇਆ ਜਿਵੇਂ ਕਿ ਡਿਜੀਟਲ ਪੀੜ੍ਹੀ, ਸਾਡੀ ਪੀੜ੍ਹੀ, ਸਾਡਾ ਸਮਾਂ ਹੁਣ, ਸਾਡੇ ਅਧਿਕਾਰ, ਸਾਡਾ ਭਵਿੱਖ।




ਇਸ ਮੌਕੇ ਤੇ ਨੋਡਲ ਅਫਸਰ ਈ.ਬੀ.ਐਸ.ਬੀ: ਸ੍ਰੀਮਤੀ ਸੁਨੀਤਾ ਵਰਮਾ ਅਤੇ ਡਾ: ਅੰਜਨਾ ਮਲਹੋਤਰਾ ਨੇ ਵਿਦਿਆਰਥੀਆਂ ਨੂੰ ਭਰੂਣ ਹੱਤਿਆ ਬਾਰੇ ਜਾਗਰੂਕ ਕੀਤਾ ਅਤੇ ਦੱਸਿਆ ਕਿ ਜਦੋਂ ਲੜਕੀਆਂ ਪੜ੍ਹੀਆਂ-ਲਿਖੀਆਂ ਹੁੰਦੀਆਂ ਹਨ ਤਾਂ ਸਾਡਾ ਦੇਸ਼ ਮਜ਼ਬੂਤ ??ਅਤੇ ਖੁਸ਼ਹਾਲ ਹੁੰਦਾ ਹੈ। ਇਸ ਮੌਕੇ ਡਾ: ਅੰਜਨਾ ਮਲਹੋਤਰਾ (ਏ.ਐਨ.ਓ., ਐਨ.ਸੀ.ਸੀ.), ਐਨ.ਐਸ.ਐਸ ਪ੍ਰੋਗਰਾਮ ਅਫ਼ਸਰ ਡਾ: ਸੁਸ਼ਮਾ ਗੁਪਤਾ, ਪ੍ਰੋ. ਸੁਨੀਤਾ ਵਰਮਾ, ਡਾ: ਦੀਪਕ ਜੋਤੀ, ਪ੍ਰੋ. ਜੋਤੀ ਸੈਣੀ, ਪ੍ਰੋ. ਸੋਨਿਕਾ ਗੁਪਤਾ, ਡਾ: ਸੋਨਮ ਗੁਪਤਾ, ਡਾ: ਪੂਨਮ, ਸ੍ਰੀਮਤੀ ਸ਼ੈਲਿਕਾ ਆਦਿ ਹਾਜ਼ਰ ਸਨ।

# ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਰਾਖਾ ਨਵਜੋਤ ਸਿੱਧੂ ਜਲਦ ਆ ਰਿਹਾ, ਲੁਧਿਆਣਾ 'ਚ ਲੱਗੇ ਸਿੱਧੂ ਦੇ ਹੋਲਡਿੰਗ ਬੋਰਡ




**ਲੁਧਿਆਣਾ/ਰਾਜੂ ਵਾਲੀਆ,ਸ਼ੰਮੀ ਕੁਮਾਰ**

ਲੁਧਿਆਣਾ 'ਚ ਨਵਜੋਤ ਸਿੰਘ ਸਿੱਧੂ ਦੇ ਵੱਡੇ-ਵੱਡੇ ਹੋਲ਼ਡਿੰਗ ਬੋਰਡ ਲਾਏ ਗਏ ਹਨ। ਇਹ ਹੋਲਡਿੰਗ ਬੋਰਡ ਨਵਜੋਤ ਸਿੰਘ ਸਿੱਧੂ ਦੇ ਸਲਾਹਕਾਰ ਸੁਰਿੰਦਰ ਡੱਲਾ ਵੱਲੋਂ ਲਾਏ ਗਏ ਹਨ।

ਇਸ ਸਬੰਧੀ ਡੱਲਾ ਨੇ ਟਵੀਟ ਕਰਦਿਆਂ ਕਿਹਾ ਕਿ, "ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਰਾਖਾ ਨਵਜੋਤ ਸਿੰਘ ਸਿੱਧੂ ਜਲਦ ਹੀ ਆ ਰਿਹਾ ਹੈ।

ਜ਼ਿਕਰਯੋਗ ਹੈ ਕਿ ਇਹ ਚਰਚਾਵਾਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਕਿ ਨਵਜੋਤ ਸਿੱਧੂ ਦੀ ਰਿਹਾਈ 26 ਜਨਵਰੀ ਨੂੰ ਹੋ ਸਕਦੀ ਹੈ। ਪਰ ਇਸ ਬਾਰੇ ਕਿਸੇ ਨੇ ਆਫੀਸ਼ੀਅਲ ਜਾਣਕਾਰੀ ਨਹੀਂ ਦਿੱਤੀ ਹੈ। ਇੱਥੋਂ ਤੱਕ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਇਸ ਸਬੰਧੀ ਕੁੱਝ ਵੀ ਜਾਣਕਾਰੀ ਦੇਣ ਤੋਂ ਸਾਫ ਇਨਕਾਰ ਕਰ ਰਹੇ ਹਨ। ਕਿ ਨਵਜੋਤ ਸਿੰਘ ਸਿੱਧੂ ਦੀ ਰਿਹਾਈ ਹੋਵੇਗੀ ਜਾਂ ਨਹੀਂ ਇਹ ਆਉਣ ਵਾਲੇ ਇੱਕ-ਦੋ ਦਿਨਾਂ 'ਚ ਪਤਾ ਲੱਗ ਜਾਵੇਗਾ। ਪਰ ਕਾਂਗਰਸੀਆਂ ਖਾਸ ਕਰਕੇ ਸਿੱਧੂ ਧੜੇ ਵੱਲੋਂ ਉਨ੍ਹਾਂ ਦੀ ਰਿਹਾਈ ਲਈ ਤਿਆਰੀਆਂ ਜ਼ੋਰਾਂ ਤੇ ਚੱਲ ਰਹੀਆਂ ਹਨ।

ਨਵਜੋਤ ਸਿੰਘ ਸਿੱਧੂ ਨੂੰ 'ਭਾਰਤ ਜੋੜੋ ਯਾਤਰਾ' 'ਚ ਸ਼ਾਮਿਲ ਹੋਣ ਲਈ ਪਹਿਲਾਂ ਹੀ ਸੱਦਾ ਮਿਲ ਚੁੱਕਾ ਹੈ

# ਚਾਇਨਾ ਡੋਰ ਦੇ ਵਿਰੋਧ ਫੁੱਲਾਂਵਾਲ ਚੌਕ ਵਿੱਚ ਸਕੂਲ ਦੇ ਬੱਚਿਆਂ ਵਲੋਂ ਕੱਢੀ ਰੈਲੀ




**ਲੁਧਿਆਣਾ/ਰਾਜੂ ਵਾਲੀਆ, ਸ਼ੰਮੀ ਕੁਮਾਰ**

ਵਾਹਿਗੁਰੂ ਪਬਲਿਕ ਸਕੂਲ ਪਮਾਲ ਦੇ ਵਿਦਿਆਰਥੀਆਂ ਵੱਲੋਂ ਅੱਜ ਅਧਿਆਪਕ ਮਨਦੀਪ ਸਿੰਘ ਪਮਾਲੀ, ਜਗਮੋਹਨ ਸਿੰਘ, ਸਰਬਜੋਤ ਸਿੰਘ ਅਤੇ ਜਗਦੀਪ ਕੌਰ ਦੀ ਅਗਵਾਈ ਹੇਠ ਅਤੇ ਪ੍ਰਿੰਸੀਪਲ ਬਲਜੀਤ ਕੌਰ ਦੇ ਸਹਿਯੋਗ ਨਾਲ ਚਾਈਨਾ ਡੋਰ ਦੇ ਵਿਰੋਧ ਫੁੱਲਾਂਵਾਲ ਚੌਂਕ ਵਿਖੇ ਰੈਲੀ ਕੱਢੀ ਗਈ। ਇਸ ਰੈਲੀ ਵਿਚ ਛੇਵੀਂ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿਸਾ ਲਿਆ। ਜਿਸ ਦੌਰਾਨ ਸਕੂਲ ਦੇ ਬੱਚਿਆਂ ਵਲੋਂ ਚਾਈਨਾ ਡੋਰ ਦਾ ਇਸਤੇਮਾਲ ਕਰਨ ਤੇ ਵੇਚਣ ਵਾਲਿਆਂ ਖਿਲਾਫ ਜਮ ਕੇ ਰੋਸ਼ ਪ੍ਰਗਟ ਕੀਤਾ ਗਿਆ ਚਾਈਨਾ ਡੋਰ ਦੇ ਵਿਰੋਧ ਵਿੱਚ ਵਿਦਿਆਰਥੀਆਂ ਨੇ - ਚਾਈਨਾ ਡੋਰ ਬੰਦ ਕੀਤੀ ਜਾਵੇ ਦੇ ਜਮ ਕੇ ਨਾਰੇ ਲਗਾਏ। ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀਆਂ ਨਾਲ ਆਏ ਅਧਿਆਪਕ ਮਨਦੀਪ ਸਿੰਘ ਨੇ ਕਿਹਾ ਕਿ ਲੋਕ ਆਪਣੇ ਬੱਚਿਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੇਣ ਅਗਰ ਉਹਨਾਂ ਦੇ ਬੱਚਿਆਂ ਵਲੋਂ ਚਾਈਨਾ ਡੋਰ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਹਨਾਂ ਵਲੋਂ ਆਪਣੇ ਬੱਚਿਆਂ ਨੂੰ ਇੱਸ ਡੋਰ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਦੱਸਣਾ ਚਾਹੀਦਾ ਹੈ ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਪ੍ਰਸ਼ਾਸ਼ਨ ਦੀ ਇਹ ਵੱਡੀ ਜਿੰਮੇਦਾਰੀ ਬਣਦੀ ਹੈ ਕਿ ਚਾਈਨਾ ਡੋਰ ਦੀ ਵਿਕਰੀ ਕਰ ਰਹੇ ਦੁਕਾਨਦਾਰਾਂ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਕਿਸੇ ਕਿਸਮ ਦਾ ਕੋਈ ਵੀ ਨੁਕਸਾਨ ਨਾਂ ਹੋ ਸਕੇ ਇਸ ਮੌਕੇ ਤੇ ਆਏ ਹੋਰ ਅਧਿਆਪਕਾਂ ਵਲੋਂ ਵੀ ਚਾਈਨਾ ਡੋਰ ਦਾ ਵਿਰੋਧ ਕਰਦਿਆਂ ਕਿਹਾ ਕਿ ਇਸ ਡੋਰ ਨਾਲ ਇਨਸਾਨਾਂ ਦੇ ਨਾਲ ਨਾਲ ਬਹੁਤ ਸਾਰੇ ਬੇਜੁਬਾਨ ਪਸ਼ੂ ਪੰਛੀਆਂ ਦਾ ਵੀ ਨੁਕਸਾਨ ਹੋ ਰਿਹਾ ਹੈ। ਅੰਤ ਵਿਚ ਉਹਨਾਂ ਬੋਲਦਿਆਂ ਕਿਹਾ ਕਿ 26 ਜਨਵਰੀ ਨੂੰ ਲੋਕਾਂ ਵਲੋਂ ਬਸੰਤ ਪੰਚਮੀ ਦਾ ਤਿਓਹਾਰ ਮਨਾਇਆ ਜਾਵੇਗਾ ਪਰ ਇਸ ਤਿਓਹਾਰ ਨੂੰ ਮਨਾਉਣ ਦੇ ਨਾਲ ਨਾਲ ਸਾਨੂੰ ਕਈ ਜਾਨਾਂ ਦਾ ਧਿਆਨ ਵੀ ਰੱਖਣਾ ਚਾਹੀਦਾ ਹੈ ਅਸੀਂ ਚਾਇਨਾ ਡੋਰ ਦੇ ਖਿਲਾਫ ਹਾਂ ਇਸ ਤੋਂ ਇਲਾਵਾ ਸਾਰੇ ਵਿਦਿਆਰਥੀਆਂ ਨੇ ਚਾਈਨਾ ਡੋਰ ਦੇ ਵਿਰੋਧ ਵਿਚ ਸਹੁੰ ਚੁੱਕਦੇ ਕਿਹਾ ਕਿ ਅਸੀਂ ਭਾਰਤ ਦੇਸ਼ ਦੇ ਜਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਕਦੇ ਵੀ ਚਾਈਨਾ ਡੋਰ ਦੀ ਵਰਤੋਂ ਨਹੀਂ ਕਰਾਂਗ।

# ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਾਇਆ

## ਸ਼ੁਕਰ ਹੈ ਵਾਹਿਗੁਰੂ ਜੀ ਦਾ ਮੈਂ ਤੇ ਮੇਰਾ ਸਟਾਫ ਭਾਗਾਂ ਵਾਲਾ-ਡਾਇਰੈਕਟਰ ਆਹਲੂਵਾਲੀਆ





**ਲੁਧਿਆਣਾ/ਲੋਕ ਬਾਣੀ**
ਜਗਤ ਗੁਰੂ ਨਾਨਕ ਦੇਵ ਸਾਹਿਬ ਜੀ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਧਰਤੀ ਤੇ ਸ਼ਸ਼ੋਬਿਤ ਗੁਰਦੁਆਰਾ ਪਾਤਸ਼ਾਹੀ ਪਹਿਲੀ ਨਾਨਕਸਰ ਪਿੰਡ ਠੱਕਰਵਾਲ ਵਿਖੇ ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਸਮਰਪਿਤ ਮਨੁਖਤਾ ਦੇ ਭਲੇ ਲਈ ਮਨੁੱਖੀ ਕਾਰਜਾਂ ਨੂੰ ਸਮਰਪਿਤ ਸੰਸਥਾ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋਂ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 603ਵਾਂ ਮਹਾਨ ਖ਼ੂਨਦਾਨ ਕੈਂਪ ਸ਼ ?ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਠੱਕਰਵਾਲ ਦੀ ਮੈਨੇਜਮੈਂਟ, ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਾਇਆ ਗਿਆ। ਇਸ ਮੌਕੇ ਤੇ ਸ. ਕੁਲਵਿੰਦਰ ਸਿੰਘ ਆਹਲੂਵਾਲੀਆ ਡਾਇਰੈਕਟਰ ਸ਼ ?ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਨੇ ਆਪਣੇ ਸਟਾਫ ਸਮੇਤ ਆਪ ਖ਼ੂਨ-ਦਾਨ ਕਰਕੇ ਕੈਂਪ ਦੀ ਆਰੰਭਤਾ ਕਰਦਿਆ ਕਿਹਾ ਕਿ ਮੈ ਅਤੇ ਮੇਰਾ ਸਟਾਫ ਬੜਾ ਭਾਗਾਂ ਵਾਲਾ ਹੈ ਸ਼ੂਕਰ ਹੈ ਵਾਹਿਗੁਰੂ ਜੀ ਦਾ ਹਸਪਤਾਲ ਵਿਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਮਰੀਜ਼ਾਂ ਲਈ ਖ਼ੂਨ-ਦਾਨ ਦੀ ਸੇਵਾ ਆਪ ਲਈ। ਇਸ ਮੌਕੇ ਤੇ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਖ਼ੂਨਦਾਨ ਕਰਨ ਵਾਲੇ ਸ਼ ?ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਦੇ ਸਟਾਫ ਅਤੇ ਨੌਜਵਾਨਾਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਦਸਿਆ ਖ਼ੂਨਦਾਨ ਕੈਂਪ ਸਤਿਅਮ ਹਸਪਤਾਲ ਦੀ ਟੀਮ ਦੇ ਸਹਿਯੋਗ ਨਾਲ ਇੱਕਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਲੈਕੇ ਦਿਤਾ ਜਾਵੇਗਾ।ਇਸ ਮੌਕੇ ਤੇ ਸ਼ ?ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਪ੍ਰਿੰਸੀਪਲ ਕਿਰਨਜੀਤ ਕੌਰ, ਸ਼ੈਲਜਾ ਬਾਵਾ,ਰਮਨਦੀਪ ਸਿੰਘ,ਪ੍ਰੀਤਮ ਸਿੰਘ, ਨੀਤੂ, ਹਰਮਨਜੀਤ ਸਿੰਘ ਆਹਲੂਵਾਲੀਆ, ਜਤਿੰਦਰ,ਮੈਨੇਜਰ ਕੁਲਵੰਤ ਸਿੰਘ, ਦਲਜਿੰਦਰ ਸਿੰਘ ਠੱਕਰਵਾਲ,ਨਿਰੰਜਣ ਸਿੰਘ, ਲਾਭ ਸਿੰਘ, ਗਿਰਦੌਰ ਸਿੰਘ ਹਾਜ਼ਰ ਸਨ

# ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫਰਮਾਨ ਸਿੰਘ ਸੰਧੂ ਨੇ ਕਿਸ਼ੋਰੀ ਲਾਲ ਉਰਫ ਹੈਪੀ ਸਭਰਾ ਨੂੰ ਆਪਣੇ ਜਥੇਬੰਦੀ ਦੇ ਤੌਰ ਤੇ ਪ੍ਰੈਸ ਸਕੱਤਰ ਕੀਤਾ ਨਿਯੁਕਤ



**ਪਿੰਡ ਸਭਰਾ/ਕਿਸ਼ੋਰੀ ਲਾਲ ਹੈਪੀ**
ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਸ੍ਰ ਫਰਮਾਨ ਸਿੰਘ ਸੰਧੂ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਪਰਮਜੀਤ ਸਿੰਘ ਗਦਾਇਕੇ ਚਮਕੌਰ ਸਿੰਘ ਜਰਨਲ ਸਕੱਤਰ ਵੱਲੋਂ ਕਿਸ਼ੋਰੀ ਲਾਲ ਉਰਫ਼ ਹੈਪੀ ਸਭਰਾ ਨੂੰ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੇ ਪ੍ਰੈਸ ਸਕੱਤਰ ਵਜੋਂ ਨਿਯੁਕਤ ਕੀਤਾ ਗਿਆ ਇਸ ਮੌਕੇ ਤੇ ਸੂਬਾ ਪ੍ਰਧਾਨ ਫ਼ਰਮਾਨ ਸਿੰਘ ਸੰਧੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਸ਼ੋਰੀ ਲਾਲ ਉਰਫ਼ ਹੈਪੀ ਪਿੰਡ ਸਭਰਾ ਆਪਣੀ ਪੱਤਰਕਾਰੀ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾ ਰਹੇ ਹਨ ਜਿਸ ਦੇ ਚੱਲਦਿਆਂ ਉਨ੍ਹਾਂ ਨੂੰ ਅੱਜ ਪ੍ਰੈੱਸ ਸਕੱਤਰ ਵਜੋਂ ਨਿਯੁਕਤ ਕੀਤਾ ਗਿਆ

# ਪਿੰਡ ਸਭਰਾ ਦੀ ਆਮ ਆਦਮੀ ਪਾਰਟੀ ਦੀ ਟੀਮ ਵੱਲੋਂ ਮੌਜੂਦਾ ਸਰਪੰਚ ਨੂੰ ਸਿਰੋਪਾ ਪਾ ਕੇ ਕੀਤਾ ਸਨਮਾਨਤ



**ਪਿੰਡ ਸੁਭਰਾ/ਕਿਸ਼ੋਰੀ ਲਾਲ ਹੈਪੀ**
ਵਿਧਾਨ ਸਭਾ ਹਲਕਾ ਪੱਟੀ ਅਧੀਨ ਪੈਂਦੇ ਪਿੰਡ ਸਭਰਾ ਵਿਖੇ ਆਮ ਆਦਮੀ ਪਾਰਟੀ ਦੀ ਟੀਮ ਵੱਲੋਂ ਪਿੰਡ ਦੇ ਮੌਜੂਦਾ ਸਰਪੰਚ ਸਰਦੂਲ ਸਿੰਘ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ ਗਿਆ ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਅਤੇ ਬਲਾਕ ਪੱਟੀ ਦੇ ਪ੍ਰਧਾਨ ਅਵਤਾਰ ਸਿੰਘ ਸਭਰਾ ਕਾਰਜ ਸਿੰਘ ਲਾਭ ਸਿੰਘ ਰਾਣਾ ਸ਼ਾਹ ਸ਼ਰਨਜੀਤ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੈਬਨਿਟ ਮੰਤਰੀ ਲਾਲ ਜੀਤ ਸਿੰਘ ਭੁੱਲਰ ਪੱਟੀ ਹਲਕੇ ਦੇ ਵਿਚ ਜੋ ਕੰਮ ਸੁਚੱਜੇ ਢੰਗ ਨਾਲ ਕੰਮ ਹੋ ਰਹੇ ਹਨ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਜੋ ਪਿੰਡਾਂ ਅਤੇ ਸ਼ਹਿਰ ਵਿਚ ਵਿਕਾਸ ਦੇ ਕੰਮ ਕੀਤੇ ਜਾ ਰਹੇ ਹਨ ਉਨ੍ਹਾਂ ਨੂੰ ਮੁੱਖ ਰਖਦੇ ਹੋਏ ਅਕਾਲੀ ਅਤੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਧੜਾਧੜ ਲੋਕ ਸ਼ਾਮਿਲ ਹੋ ਰਹੇ ਹਨ ਇਸ ਮੌਕੇ ਤੇ ਡਾਕਟਰ ਬਲਵਿੰਦਰ ਸਿੰਘ ਕਸ਼ਮੀਰ ਸਿੰਘ ਅੰਗਰੇਜ ਸਿੰਘ ਜੱਗਾ ਸਿੰਘ ਸਿੰਘ ਚਰਨਜੀਤ ਸਿੰਘ ਸਤਨਾਮ ਸਿੰਘ ਗੁਰਵਿੰਦਰ ਸਿੰਘ ਸਾਹਿਬ ਸਿੰਘ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਆਦਿ ਹਾਜ਼ਰ ਸਨ।

# ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਆਉਂਦੇ ਪਿੰਡ ਜੋਤੀਸ਼ਾਹ ਇਕ ਗਰੀਬ ਪਰਿਵਾਰ ਨੇ ਲਾਈ ਮਦਦ ਦੀ ਗੁਹਾਰ

**ਸਭਰਾ/ਕਿਸ਼ੋਰੀ ਲਾਲ ਹੈਪੀ**
ਵਿਧਾਨ ਸਭਾ ਹਲਕਾ ਪੱਟੀ ਅਧੀਨ ਆਉਂਦੇ ਪਿੰਡ ਜੋਤੀਸ਼ਾਹ ਇਕ ਗਰੀਬ ਪਰਿਵਾਰ ਨੇ ਲਾਈ ਮਦਦ ਦੀ ਗੁਹਾਰ ਇਸ ਮੌਕੇ ਤੇ ਵੀਰ ਕੌਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੇਰਾ ਪਤੀ ਸਤਨਾਮ ਸਿੰਘ ਦੀ ਮੌਤ ਹੋਣ ਕਾਰਨ ਮੈਂ ਆਪਣੇ ਘਰ ਦਾ ਗੁਜਾਰਾ ਬਹੁਤ ਹੀ ਮੁਸ਼ਕਲ ਨਾਲ ਚਲਾ ਰਹੀ ਹਾਂ ਮੈਂ ਰੋਜ਼ ਸਵੇਰੇ ਲੋਕਾਂ ਦੇ ਘਰਾਂ ਦਾ ਕੰਮ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰ ਰਹੀ ਹਾਂ ਅਤੇ ਮੇਰੀਆਂ ਪੰਜ



ਲੜਕੀਆਂ ਹੋਣ ਕਾਰਨ ਮੈਨੂੰ ਦਿਨ ਰਾਤ ਉਹਨਾਂ ਦੀ ਚਿੰਤਾ ਲੱਗੀ ਹੋਈ ਹੈ ਮੇਰੀ ਵੱਡੀ ਲੜਕੀ ਜੋ ਕਿ ਮੇਰੇ ਨਾਲ ਲੋਕਾਂ ਦੇ ਘਰਾਂ ਵਿਚ ਕੰਮ ਕਰਦੀ ਹੈ ਮੇਰੀ ਇਕ ਲੜਕੀ ਦੇ ਸਿਰ ਦੇ ਵਿੱਚ ਰਸੌਲੀ ਹੋਣ ਕਾਰਨ ਮੇਰੀ ਲੜਕੀ ਬਹੁਤ ਬੀਮਾਰ ਰਹਿੰਦੀ ਹੈ ਮੈਂ ਆਪਣੀ ਬੇਟੀ ਦਾ ਇਲਾਜ ਕਰਵਾਉਣ ਤੋਂ ਅਸਮਰਥ ਹੋ ਚੁੱਕੀ ਹਾਂ ਮੈਂ ਆਪਣਾ ਘਰ ਵੀ ਗਹਿਣੇ ਪਾ ਕੇ ਆਪਣੀ ਲੜਕੀ ਦਾ ਇਲਾਜ ਕਰਵਾਇਆ ਪਰ ਡਾਕਟਰਾਂ ਨੇ ਅਪਰੇਸ਼ਨ ਦਾ ਖਰਚਾ ਲੱਖਾਂ ਰੁਪਏ ਦੱਸਿਆ ਹੈ ਮੈਂ ਵਿਧਵਾ ਔਰਤ ਹੋਣ ਕਾਰਨ ਏਨਾਂ ਖਰਚਾ ਨਹੀ ਚੁੱਕ ਸਕਦੀ ਹੈ ਐਨ ਆਰ ਆਈ ਵੀਰਾ ਸੇਵਾ ਸੰਸਥਾਵਾਂ ਅਤੇ ਸਿੱਖ ਜਥੇਬੰਦੀਆਂ ਤੋਂ ਅਪੀਲ ਕਰਦੀ ਹਾਂ ਕਿ ਮੇਰੀ ਮਦਦ ਕੀਤੀ ਜਾਵੇ ਅਤੇ ਮੇਰੀ ਲੜਕੀ ਦਾ ਅਪਰੇਸ਼ਨ ਕਰਵਾਇਆ ਜਾਵੇ ਜੇ ਕਿਸੇ ਵੀਰ ਨੇ ਮੇਰੀ ਮਦਤ ਕਰਨੀ ਹੋਵੇ ਤਾਂ 7009890407 ਤੇ ਸੰਪਰਕ ਕਰ ਸਕਦੇ ਹੋ

# ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਵੱਲੋਂ ਇੱਕ ਕਿਲੋਗ੍ਰਾਮ ਹੈਰੋਇਨ ਸਮੇਤ ਇੱਕ ਦੋਸ਼ੀ ਕਾਬੂ

## ਦੋਸ਼ੀ ਪਾਸੋਂ 7,000 ਰੁਪਏ ਡਰੱਗ ਦੀ ਮਨੀ ਵੀ ਬ੍ਰਾਮਦ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**
ਪੰਜਾਬ ਸਰਕਾਰ ਵੱਲੋਂ ਨਸ਼ਾ ਸਮੱਗਲਰਾਂ ਦਾ ਜੜ੍ਹ ਤੋਂ ਸਫਾਇਆ ਕਰਨ ਲਈ ਚਲਾਈ ਗਈ ਮੁਹਿੰਮ ਤਹਿਤ ਗੌਰਵ ਯਾਦਵ, ਆਈ.ਪੀ.ਐਸ, ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਕੌਸ਼ਤੁਭ ਸ਼ਰਮਾ, ਆਈ.ਪੀ.ਐਸ, ਇੰਸਪੈਕਟਰ ਜਨਰਲ ਪੁਲਿਸ, ਲੁਧਿਆਣਾ ਰੇਂਜ ਅਤੇ ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਥਾਣਾ ਕਾਠਗੜ੍ਹ ਦੀ ਪੁਲਿਸ ਵੱਲੋਂ ਨਾਕਾਬੰਦੀ ਦੌਰਾਨ ਇੱਕ ਵਿਅਕਤੀ ਪਾਸੋਂ ਇੱਕ ਕਿਲੋਗ੍ਰਾਮ ਹੈਰੋਇਨ ਸਮੇਤ 7,000/- ਰੁਪਏ ਡਰੱਗ ਮਨੀ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ ਨੇ ਦੱਸਿਆ ਕਿ ਅੱਜ ਮਿਤੀ 24.01.2023 ਨੂੰ ਇੰਸਪੈਕਟਰ ਪਰਮਿੰਦਰ ਸਿੰਘ ਮੁੱਖ ਅਫਸਰ ਥਾਣਾ ਕਾਠਗੜ੍ਹ ਸਮੇਤ ਪੁਲਿਸ ਪਾਰਟੀ ਬ੍ਰਾਏ ਗਸ਼ਤ ਚੈਕਿੰਗ ਦੇ ਸਬੰਧ ਵਿੱਚ ਟੀ ਪੁਆਇੰਟ ਜਗਤੇਵਾਲ ਮੋੜ, ਕਾਠਗੜ੍ਹ ਮੌਜੂਦ ਸੀ ਤਾਂ ਮੁਖਬਰ ਖਾਸ ਨੇ



ਇਤਲਾਹ ਦਿੱਤੀ ਕਿ ਗਗਨਦੀਪ ਉਰਫ ਗਗਨ ਪੁੱਤਰ ਸੁਰਿੰਦਰ ਕੁਮਾਰ ਵਾਸੀ ਜੋੜਾ ਮੁਹੱਲਾ, ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਜੋ ਵੱਡੀ ਮਾਤਰਾ ਵਿੱਚ ਹੈਰੋਇਨ ਸਪਲਾਈ ਕਰਦਾ ਹੈ ਤੇ ਜੋ ਕੱਲ੍ਹ ਸ਼ਾਮ ਨੂੰ ਹਾਈਟੈਕ ਨਾਕਾ, ਆਸਰੋਂ ਪਰ ਪੁਲਿਸ ਨਾਕਾ ਵੇਖ ਕੇ ਬੱਸ ਤੋਂ ਪਹਿਲਾਂ ਹੀ ਉਤਰ ਗਿਆ ਸੀ ਤੇ ਜੋ ਥਾਣਾ ਕਾਠਗੜ੍ਹ ਦੇ ਏਰੀਏ ਵਿੱਚੋਂ ਹੁੰਦਾ ਹੋਇਆ ਗੜ੍ਹਸ਼ੰਕਰ ਜਾਵੇਗਾ। ਜੇਕਰ ਹੁਣੇ ਹੀ ਭਾਲ ਕੀਤੀ ਜਾਵੇ ਤਾਂ ਗਗਨਦੀਪ ਉਰਫ ਗਗਨ ਵੱਡੀ ਮਾਤਰਾ ਵਿੱਚ ਹੈਰੋਇਨ ਸਮੇਤ ਕਾਬੂ ਆ ਸਕਦਾ ਹੈ, ਜਿਸਤੇ ਮੁਖਬਰ ਖਾਸ ਦੀ ਇਤਲਾਹ 'ਤੇ ਮੁਕੱਦਮਾ ਨੰਬਰ 06 ਮਿਤੀ 24.01.2023 ਅ/ਧ 21-61-85 ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਕਾਠਗੜ੍ਹ ਵਿਖੇ ਦਰਜ ਕੀਤਾ ਗਿਆ।ਇਸ ਉਪਰੰਤ ਇੰਸਪੈਕਟਰ ਪਰਮਿੰਦਰ ਸਿੰਘ ਮੁੱਖ ਅਫਸਰ ਥਾਣਾ ਕਾਠਗੜ੍ਹ ਦੀ ਪੁਲਿਸ ਪਾਰਟੀ ਵੱਲੋਂ ਮੁਸਤੈਦੀ ਨਾਲ ਕਾਰਵਾਈ ਕਰਦੇ ਹੋਏ ਦੌਰਾਨੇ ਗਸ਼ਤ ਨੇੜੇ ਜੰਡੀ ਮੋੜ ਤੋਂ ਇੱਕ ਮੋਨਾ ਵਿਅਕਤੀ ਜੋ ਆਪਣੇ ਹੱਥ ਵਿੱਚ ਵਜ਼ਨਦਾਰ ਬੈਗ ਚੁੱਕੀ ਆਉਂਦਾ ਦਿਖਾਈ ਦਿੱਤਾ, ਜਿਸ ਪਾਸ ਪੁਲਿਸ ਪਾਰਟੀ ਵੱਲੋਂ ਗੱਡੀ ਰੁਕਵਾ ਕੇ ਕਾਬੂ ਕੀਤਾ ਤੇ ਉਸਦਾ ਨਾਮ ਪਤਾ ਪੁੱਛਣ 'ਤੇ ਉਸ ਵਿਅਕਤੀ ਨੇ ਆਪਣਾ ਨਾਮ ਗਗਨਦੀਪ ਉਰਫ ਗਗਨ (ਉਮਰ 32 ਸਾਲ) ਪੁੱਤਰ ਸੁਰਿੰਦਰ ਕੁਮਾਰ ਵਾਸੀ ਜੋੜਾ ਮੁਹੱਲਾ, ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ ਤੇ ਉਸਦੇ ਸੱਜੇ ਹੱਥ ਵਿੱਚ ਫੜੇ ਵਜਨਦਾਰ ਬੈਗ ਵਿੱਚ ਨਸ਼ੀਲਾ ਪਦਾਰਥ ਦਾ ਸ਼ੱਕ ਹੋਣ 'ਤੇ ਇੰਸਪੈਕਟਰ ਪਰਮਿੰਦਰ ਸਿੰਘ ਵੱਲੋਂ ਸ੍ਰੀ ਦਵਿੰਦਰ ਸਿੰਘ, ਪੀ.ਪੀ.ਐਸ ਉਪ ਕਪਤਾਨ ਪੁਲਿਸ, ਸਬ-ਡਵੀਜ਼ਨ ਬਲਾਚੌਰ ਨੂੰ ਮੌਕਾ ਪਰ ਪੁੱਜਣ ਲਈ ਬਜਰੀਆ ਫੋਨ ਬੇਨਤੀ ਕੀਤੀ, ਜਿਸ 'ਤੇ ਸ੍ਰੀ ਦਵਿੰਦਰ ਸਿੰਘ, ਪੀ.ਪੀ.ਐਸ ਉਪ ਕਪਤਾਨ ਪੁਲਿਸ, ਸਬ-ਡਵੀਜ਼ਨ ਬਲਾਚੌਰ ਮੌਕਾ ਪਰ ਪੁੱਜੇ, ਜਿਨ੍ਹਾਂ ਦੀ ਹਾਜਰੀ ਵਿੱਚ ਇੰਸਪੈਕਟਰ ਪਰਮਿੰਦਰ ਸਿੰਘ ਵੱਲੋਂ ਗਗਨਦੀਪ ਉਰਫ ਗਗਨ ਦੇ ਬੈਗ ਵਜ਼ਨਦਾਰ ਦੀ ਤਲਾਸ਼ੀ ਕਰਨ 'ਤੇ ਉਸ ਵਿੱਚੋਂ ਇੱਕ ਕਿਲੋਗ੍ਰਾਮ ਹੈਰੋਇਨ ਸਮੇਤ 7,000/- ਰੁਪਏ ਡਰੱਗ ਮਨੀ ਬ੍ਰਾਮਦ ਹੋਈ।ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਢੁੱਕਵਾਂ ਪੁਲਿਸ ਰਿਮਾਂਡ ਹਾਸਲ ਕਰਕੇ ਉਸਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਸਬੰਧੀ ਪੁੱਛਗਿਛ ਕਰਕੇ ਅਗੇਲਰੀ ਕਾਰਵਾਈ ਕੀਤੀ ਜਾਵੇਗੀ।

# ਜ਼ਿਲ੍ਹਾ ਪ੍ਰਧਾਨ ਸ੍ਰੀ ਅਸ਼ੋਕ ਬਾਠ ਨੇ ਭਾਜਪਾ ਜ਼ਿਲ੍ਹਾ ਕਾਰਜਕਾਰਨੀ ਦਾ ਗਠਨ ਕੀਤਾ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**
ਅੱਜ ਭਾਰਤੀ ਜਨਤਾ ਪਾਰਟੀ ਪੰਜਾਬ ਪ੍ਰਧਾਨ ਸ੍ਰੀ ਅਸ਼ਵਨੀ ਸ਼ਰਮਾ ਦੇ ਦਿਸ਼ਾ ਨਿਰਦੇਸ਼, ਜ਼ੋਨਲ ਇਨਚਾਰਜ ਸ਼੍ਰੀ ਰਾਜੇਸ਼ ਬਾਘਾ ਅਤੇ ਜ਼ਿਲ੍ਹਾ ਇੰਚਾਰਜ ਸ੍ਰੀਮਤੀ ਲਖਵਿੰਦਰ ਕੌਰ ਗਰਚਾ ਦੀਆਂ ਹਿਦਾਇਤਾਂ ਅਨੁਸਾਰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅਸ਼ੋਕ ਬਾਠ ਨੇ ਭਾਜਪਾ ਜ਼ਿਲ੍ਹਾ ਕਾਰਜਕਾਰਨੀ ਦਾ ਗਠਨ ਕੀਤਾ। ਜ਼ਿਲ੍ਹਾ ਕਾਰਜਕਾਰਨੀ ਵਿਚ ਤਿੰਨ ਜ਼ਿਲ੍ਹਾ ਜਨਰਲ ਸਕੱਤਰ ਦਿਨੇਸ਼ ਭਾਰਦਵਾਜ ਐਡਵੋਕੇਟ, ਪ੍ਰਿਤਪਾਲ ਬਜਾਜ, ਅਮਨ ਕੋਸ਼ਲ, ਉਪ ਪ੍ਰਧਾਨ ਜਸਪਾਲ ਸਿੰਘ ਪਾਲੀ, ਵਰਿੰਦਰ ਸਿੰਘ ਸੈਣੀ, ਹਿੰਮਤ ਤੇਜਪਾਲ,ਕਿਰਨ ਠੁਕਰਾਲ,ਕਮਲ ਸ਼ਰਮਾ, ਅਰਵਿੰਦ ਜੋਸ਼ੀ, ਸੰਦੀਪ ਲੜੋਈਆ,ਛੇ ਸਕੱਤਰ ਚਰਨਜੀਤ ਕਟਾਰੀਆ, ਯਸ਼ਪਾਲ ਖੁਰਾਣਾ, ਭਰਤ ਜੋਤੀ ਕੁੰਦਰਾ, ਵਿਜੇ ਭਾਟੀਆ, ਅਜੇ ਕਟਾਰੀਆ, ਸੁਰਿੰਦਰ ਬਗਾਨੀਆਂ, ਖਜਾਨਚੀ ਨਰਿੰਦਰ ਨਾਥ ਸੂਦਨ ਪਾਲਾ ਸਿੰਘ ਦਫਤਰ ਸਕੱਤਰ ਅਤੇ ਇਹਨਾਂ ਤੋਂ ਇਲਾਵਾ ਮੋਰਚਾ ਪ੍ਰਧਾਨ ਅਤੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ।ਉਕਤ ਕਾਰਜਕਾਰਨੀ ਵਿੱਚ ਪੁਰਾਣੇ ਵਰਕਰਾਂ ਦੇ ਨਾਲ ਨਾਲ ਨਵੇਂ ਕਾਰਜਕਰਤਾਵਾਂ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ।ਇਸ ਮੌਕੇ ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਬਾਠ ਨਸਾਰੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਬਹੁਤ ਬਹੁਤ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਉਹਨਾਂ ਨੂੰ ਪੂਰੀ ਆਸ ਅਤੇ ਵਿਸ਼ਵਾਸ ਹੈ ਕਿ ਸਾਰੇ ਰਲ ਭਾਰਤੀ ਜਨਤਾ ਪਾਰਟੀ ਨੂੰ ਹੋਰ ਬੁਲੰਦੀਆਂ ਤੇ ਲੈਕੇ ਜਾਵਾਂਗੇ। ਸਾਰਿਆਂ ਦੇ ਸਹਿਯੋਗ ਨਾਲ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਨਵਾਂਸ਼ਹਿਰ ਦਾ ਪੰਜਾਬ ਅਤੇ ਭਾਰਤ ਸਤਰ ਤੇ ਉਚਾ ਨਾਮ ਹੋਵੇਗਾ।

# ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਸਮਾਜ ਸੇਵਾ ਦੀ ਮਿਸਾਲ ਬਣ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**
ਨਵਜੋਤ ਪਾਲ ਸਿੰਘ ਰੰਧਾਵਾ ਨੇ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਖੂਨਦਾਨੀ ਵਜੋਂ ਸ਼ੁਰੂ ਕੀਤੀ ਸਮਾਜਕ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਅੱਜ ਸਥਾਨਕ ਬਲੱਡ ਡੋਨਰਜ਼ ਕੌਂਸਲ ਵੱਲੋਂ ਚਲਾਏ ਜਾ ਰਹੇ ਬਲੱਡ ਸੈਂਟਰ (ਖੂਨਦਾਨ ਕੇਂਦਰ) ਵਿਖੇ ਤੀਜੀ ਵਾਰ ਖੂਨਦਾਨ ਕੀਤਾ।ਡੀ ਸੀ ਰੰਧਾਵਾ ਨੇ ਖੂਨਦਾਨ ਕਰਦੇ ਹੋਏ 18 ਤੋਂ 65 ਸਾਲ ਦੇ ਸਾਰੇ ਤੰਦਰੁਸਤ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦਾ ਵਜ਼ਨ 45 ਕਿਲੋਗ੍ਰਾਮ ਤੋਂ ਵੱਧ ਹੈ ਅਤੇ ਹੀਮੋਗਲੋਬਿਨ 12.5 ਗ੍ਰਾਮ ਪ੍ਰਤੀਸ਼ਤ ਤੋਂ ਵੱਧ ਹੈ ਤਾਂ ਜੋ ਖੂਨਦਾਨ ਨੂੰ ਸਿਹਤਮੰਦ ਜੀਵਨ ਦਾ ਆਧਾਰ ਬਣਾਉਣ ਲਈ ਅੱਗੇ ਆਉਣ।ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਜੁਆਇਨ ਕਰਨ ਦੇ ਪਹਿਲੇ ਦਿਨ ਹੀ ਖੂਨਦਾਨ ਕਰਕੇ ਦੂਜਿਆਂ ਲਈ ਵੀ ਮਿਸਾਲ ਕਾਇਮ ਕਰਨ ਦੀ ਕੋਸ਼ਿਸ਼ ਕੀਤੀ ਸੀ ਪਰ ਉੱਚ ਰਕਤ ਤਾਪ (ਹਾਈ ਬੀ ਪੀ) ਕਾਰਨ ਉਹ ਪਹਿਲੇ ਦਿਨ ਅਜਿਹਾ ਨਹੀਂ ਕਰ ਸਕੇ ਪਰ ਉਸੇ ਹਫ਼ਤੇ ਬੀ ਪੀ ਸਹੀ ਆਉਣ ਮਗਰੋਂ ਖੂਨਦਾਨ ਕਰ ਦਿੱਤਾ।
ਉਨ੍ਹਾਂ ਕਿਹਾ ਕਿ ਅੱਜ ਜਦੋਂ ਮੈਂ ਇੱਥੇ ਤੀਸਰੀ ਵਾਰ ਖੂਨਦਾਨ ਕਰਨ ਆਇਆ ਹਾਂ ਤਾਂ ਸਮਾਜ ਦਾ ਇੱਕ ਖੂਨਦਾਨੀ ਮੈਂਬਰ ਹੋਣ ਦਾ ਮਾਣ ਮਹਿਸੂਸ ਕਰ ਰਿਹਾ ਹਾਂ। ਉਨ੍ਹਾਂ ਜ਼ਿਲ੍ਹਾ ਵਾਸੀਆਂ ਖਾਸ ਕਰਕੇ ਨੌਜਵਾਨਾਂ ਨੂੰ ਖੂਨਦਾਨ ਵਰਗੇ ਸਮਾਜਿਕ ਕਾਰਜ ਨੂੰ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਜਦੋਂ ਖੂਨ ਦੀ ਥੈਲੀ ਕਿਸੇ ਲੋੜਵੰਦ ਵਿਅਕਤੀ ਨੂੰ ਚੜ੍ਹਾਈ ਜਾਂਦੀ ਹੈ ਤਾਂ ਕੋਈ ਵੀ ਇਹ ਨਹੀਂ ਜਾਣਦਾ ਕਿ ਖੂਨ ਕਿਸ ਜਾਤੀ ਜਾਂ ਧਰਮ ਵੱਲੋਂ ਕਿਸ ਨੂੰ ਦਿੱਤਾ ਗਿਆ ਹੈ, ਇਸ ਲਈ ਇਸ ਤੋਂ ਵਧੀਆ ਦਾਨ ਹੋਰ ਕੋਈ ਨਹੀਂ ਹੈ। ਡਾ: ਅਜੇ ਬੱਗਾ, ਬਲੱਡ ਟਰਾਂਸਫਿਊਜ਼ਨ ਅਫ਼ਸਰ ਅਤੇ ਸ੍ਰੀ ਪਰਵੇਸ਼ ਕੁਮਾਰ, ਬਲੱਡ ਡੋਨਰਜ਼ ਕੌਂਸਲ, ਨਵਾਂਸ਼ਹਿਰ



ਦੇ ਕੈਸ਼ੀਅਰ ਨੇ ਖੂਨਦਾਨ ਨੂੰ ਜੀਵਨ ਦਾ ਹਿੱਸਾ ਬਣਾਉਣ ਲਈ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ। ਦੋਵਾਂ ਨੇ ਪਿਛਲੇ 10 ਮਹੀਨਿਆਂ ਵਿੱਚ ਇਸ ਪਵਿੱਤਰ ਕਾਰਜ ਲਈ ਮਿੱਥੇ ਸਮੇਂ ਬਲੱਡ ਸੈਂਟਰ ਦਾ ਦੌਰਾ ਕਰਨ ਲਈ ਡੀ ਸੀ ਰੰਧਾਵਾ ਦੀ ਨਿਮਰਤਾ ਅਤੇ ਸਮਰਪਣ ਦੀ ਵੀ ਸ਼ਲਾਘਾ ਕੀਤੀ।ਡੀ ਸੀ ਨਵਜੋਤ ਪਾਲ ਸਿੰਘ ਰੰਧਾਵਾ ਨੇ ਬਲੱਣਡ ਸੈਂਟਰ ਵਿਖੇ ਸ਼ੂਗਰ ਰੋਗੀਆਂ ਦਾ ਗਲਾਈਕੋਸਾਈਲੇਟਿਡ ਹੀਮੋਗਲੋਬਿਨ (ਐਚ.ਬੀ. ਏ1ਸੀ) ਕਰਨ 'ਤੇ ਵੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖੂਨਦਾਨ ਲਈ ਬਲੱਡ ਸੈਂਟਰ 'ਤੇ ਆਉਣ ਵਾਲੇ ਸ਼ੂਗਰ ਰੋਗੀਆਂ ਦੇ ਬਲੱਡ ਸ਼ੂਗਰ ਦਾ ਪੱਧਰ ਨਿਰਧਾਰਿਤ ਸੀਮਾ ਦੇ ਅੰਦਰ ਹੀ ਹੋਵੇ।ਡਾ. ਬੱਗਾ ਨੇ ਖੂਨਦਾਨ ਦੇ ਲਾਭਾਂ ਦੀ ਸੂਚੀ ਦਿੰਦੇ ਹੋਏ ਕਿਹਾ ਕਿ ਇਹ ਕੈਂਸਰ ਦੇ ਜੋਖਮ ਨੂੰ ਘਟਾਉਂਦਾ ਹੈ, ਵਾਧੂ ਕੈਲੋਰੀਜ਼ ਨੂੰ ਖਤਮ ਕਰਦਾ ਹੈ, ਦਿਲ ਨਾਲ ਜੁੜੀਆਂ ਬਿਮਾਰੀਆਂ ਦੇ ਜੋਖਮ ਨੂੰ ਘਟਾਉਂਦਾ ਹੈ, ਜਿਗਰ ਨੂੰ ਨੁਕਸਾਨ ਪੁੱਜਣ ਤੋਂ ਰੋਕਦਾ ਹੈ, ਖੂਨ ਵਿੱਚ ਲੋਹੇ ਦੇ ਪੱਧਰ ਨੂੰ ਸੰਤੁਲਿਤ ਕਰਦਾ ਹੈ ਅਤੇ ਨਵੇਂ ਖੂਨ ਦੇ ਸੈੱਲ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਉੱਘੇ ਸਮਾਜ ਸੇਵੀ ਭਗਤ ਪੂਰਨ ਸਿੰਘ ਜੀ ਦੇ ਹੱਥਾਂ ਦੀ ਪਵਿੱਤਰ ਛੋਹ ਨਾਲ ਸਥਾਪਿਤ ਹੋਇਆ ਇਹ ਬਲੱਡ ਬੈਂਕ ਖੂਨ ਤੋਂ ਇਲਾਵਾ ਲੋੜਵੰਦਾਂ ਨੂੰ ਤਾਜ਼ਾ ਫ਼ਰੋਜ਼ਨ ਪਲਾਜ਼ਮਾ, ਪਲੇਟਲੈਟਸ ਅਤੇ ਸਿੰਗਲ ਡੋਨਰ ਪਲੇਟਲੈਟਸ ਵੀ ਮੁਹੱਈਆ ਕਰਵਾਉਂਦਾ ਹੈ। ਇਸ ਮੌਕੇ ਬੱਲਡ ਬੈਂਕ ਦੇ ਮੈਨੇਜਰ ਮਨਮੀਤ ਸਿੰਘ ਵੀ ਮੌਜੂਦ ਸਨ।

# 74ਵਾਂ ਗਣਤੰਤਰ ਦਿਹਾੜਾ ਆਈ ਟੀ ਆਈ ਗਰਾਊਂਡ ਵਿਖੇ ਫੁੱਲ ਡਰੈੱਸ ਰੀਹਰਸਲ ਕਰਵਾਈ ਗਈ ਡੀ ਸੀ ਰੰਧਾਵਾ ਤੇ ਐਸ ਐਸ ਪੀ ਮੀਣਾ ਨੇ ਲਿਆ ਜਾਇਜ਼ਾ

## ਆਈ ਜੀ ਲੁਧਿਆਣਾ ਰੇਂਜ ਕੌਸਤੁਭ ਸ਼ਰਮਾ ਨੇ ਲਿਆ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ, ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਲਹਿਰਾਉਣਗੇ 26 ਜਨਵਰੀ ਨੂੰ ਕੌਮੀ ਝੰਡਾ



**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਵਿਖੇ 26 ਜਨਵਰੀ ਨੂੰ ਮਨਾਏ ਜਾ ਰਹੇ ਦੇਸ਼ ਦੇ 74ਵੇਂ ਗਣਤੰਤਰ ਦਿਹਾੜੇ ਨੂੰ ਲੈ ਕੇ ਅੱਜ ਜ਼ਿਲ੍ਹਾ ਪੁਲਿਸ ਅਤੇ ਸਕੂਲੀ ਬੱਚਿਆਂ ਵੱਲੋਂ ਫੁੱਲ ਡਰੈੱਸ ਰੀਹਰਸਲ ਕੀਤੀ ਗਈ, ਜਿਸ ਦਾ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ ਐਸ ਪੀ ਭਾਗੀਰਥ ਸਿੰਘ ਮੀਣਾ ਨੇ ਜਾਇਜ਼ਾ ਲਿਆ।ਜ਼ਿਲ੍ਹਾ ਪੱਧਰੀ ਗਣਤੰਤਰ ਦਿਹਾੜਾ ਮੌਕੇ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਰੀਹਰਸਲ ਤੋਂ ਤੁਰੰਤ ਬਾਅਦ ਆਈ ਜੀ ਲੁਧਿਆਣਾ ਰੇਂਜ ਕੌਸਤੁਭ ਸ਼ਰਮਾ ਵੱਲੋਂ ਵੀ ਆਈ ਟੀ ਆਈ ਗਰਾਊਂਡ ਦਾ ਦੌਰਾ ਕੀਤਾ ਗਿਆ ਅਤੇ ਡੀ ਸੀ ਰੰਧਾਵਾ ਤੇ ਐਸ ਐਸ ਪੀ ਮੀਣਾ ਨਾਲ ਮੀਟਿੰਗ ਵੀ ਕੀਤੀ ਗਈ।ਫੁੱਲ ਡਰੈੱਸ ਰੀਹਰਸਲ ਦੌਰਾਨ ਕੀਤੀ ਗਈ ਪਰੇਡ, ਪੀ ਟੀ ਸ਼ੋਅ ਅਤੇ ਸਭਿਆਚਾਰਕ ਪ੍ਰੋਗਰਾਮ ਵਿੱਚ ਜ਼ਿਲ੍ਹਾ ਪੁਲਿਸ ਤੋਂ ਇਲਾਵਾ 25 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਮੀਂਹ ਅਤੇ ਸਰਦ ਰੁੱਤ ਦੀ ਪ੍ਰਵਾਨ ਨਾ ਕਰਦਿਆਂ, ਇਸ ਕੌਮੀ ਦਿਹਾੜੇ ਲਈ ਪਿਛਲੇ ਕਈ ਦਿਨਾਂ ਤੋਂ ਸਕੂਲ ਪੱਧਰ 'ਤੇ ਕੀਤੀਆਂ ਜਾ ਰਹੀਆਂ ਤਿਆਰੀਆਂ ਨੂੰ ਫੁੱਲਣ ਡਰੈੱਸ ਰੀਹਸਰਲ ਦੌਰਾਨ ਦਿਖਾਇਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੂੰ ਸਲਾਹੁੰਦਿਆਂ ਨਜ਼ਰ ਆਈਆਂ ਕੁੱਝ ਕਮੀਆਂ-ਪੇਸ਼ੀਆਂ ਨੂੰ ਕਲ੍ਹ ਆਪੋ-ਆਪਣੇ ਸਕੂਲਾਂ 'ਚ ਇੱਕ ਹੋਰ ਰੀਹਰਸਲ ਕਰਕੇ ਦੂਰ ਕਰਨ ਲਈ ਆਖਿਆ।ਡਿਪਟੀ ਕਮਿਸ਼ਨਰ ਰੰਧਾਵਾ ਨੇ ਐਸ ਐਸ ਪੀ ਭਾਗੀਰਥ ਸਿੰਘ ਮੀਣਾ ਦੇ ਨਾਲ ਪਰੇਡ ਦਾ ਮੁਆਇਨਾ ਵੀ ਕੀਤਾ ਅਤੇ ਡੀ ਐਸ ਪੀ ਹਰਸ਼ਪ੍ਰੀਤ ਸਿੰਘ ਦੀ ਅਗਵਾਈ 'ਚ ਕੀਤੇ ਗਏ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਵੀ ਲਈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 26 ਜਨਵਰੀ ਨੂੰ ਮੁੱਖ ਮਹਿਮਾਨ ਖਟਕੜ ਕਾ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਸ਼ਰਧਾ ਸੁਮਨ ਅਰਪਿਤ ਕਰਨ ਬਾਅਦ ਆਈ ਟੀ ਆਈ ਗਰਾਊਂਡ 'ਚ ਸਵੇਰੇ ਸਹੀ 10 ਵਜੇ ਕੌਮੀ ਝੰਡਾ ਲਹਿਰਾਉਣਗੇ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਹੁੰਮ-ਹੁੰਮਾ ਕੇ ਸਮਾਗਮ 'ਚ ਪੁੱਜਣ ਦੀ ਅਪੀਲ ਕੀਤੀ।ਐਸ ਐਸ ਪੀ ਭਾਗੀਰਥ ਸਿੰਘ ਮੀਣਾ ਨੇ ਦੱਸਿਆ ਕਿ ਆਈ ਟੀ ਆਈ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੇ ਸੰਪੂਰਣ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਚਾਰ ਗੇਟ ਰੱਖੇ ਗਏ ਹਨ, ਜਿਨ੍ਹਾਂ 'ਚ ਆਈ ਟੀ ਆਈ ਦੇ ਮੇਨ ਗੇਟ (ਸ਼ਿਵਾਲਿਕ ਸਕੂਲ ਵਾਲੇ ਪਾਸੇ) ਤੋਂ ਝਾਕੀਆਂ 'ਚ ਭਾਗ ਲੈਣ ਵਾਲੇ ਵਾਹਨਾਂ ਦੀ ਐਂਟਰੀ ਰੱਖੀ ਗਈ ਹੈ। ਐਸ ਐਸ ਪੀ ਰਿਹਾਇਸ਼ ਨੂੰ ਲੱਗਦੇ ਗੇਟ ਰਾਹੀਂ ਕੇਵਲ ਮੁੱਖ ਮਹਿਮਾਨ ਦੀ ਐਂਟਰੀ ਹੋਵੇਗੀ ਜਦਕਿ ਇਸ ਗੇਟ ਤੋਂ ਆਈ ਟੀ ਆਈ ਵੱਲ ਨੂੰ ਜਾਂਦਿਆਂ ਇੱਕ ਹੋਰ ਛੋਟੇ ਗੇਟ ਰਾਹੀਂ ਵੀ ਆਈ ਪੀ ਅਤੇ ਮੀਡੀਆ ਦੀ ਐਂਟਰੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਆਈ ਟੀ ਆਈ ਦੇ ਵਿਚਕਾਰਲੇ ਗੇਟ ਰਾਹੀਂ ਆਮ ਜਨਤਾ ਅਤੇ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੀ ਐਂਟਰੀ ਕਰਵਾਈ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਗਮ 'ਚ ਆਉਂਦੇ ਹੋਏ ਕੋਈ ਬੈਗ ਆਦਿ ਨਾ ਲੈ ਕੇ ਆਉਣ ਅਤੇ ਸੁਰੱਖਿਆ ਚੈਕਿੰਗ 'ਚ ਪੂਰਣ ਸਹਿਯੋਗ ਦੇਣ।ਅੱਜ ਹੋਈਆਂ ਸਭਿਆਚਾਰਕ ਪੇਸ਼ਕਾਰੀਆਂ 'ਚ ਸੇਂਟ ਸੋਲਜਰ ਸਕੂਲ ਕੁਲਾਮ, ਸੇਂਟ ਜੋਜ਼ਫ਼ ਕਾਨਵੈਂਟ ਸਕੂਲ ਮੱਲਪੁਰ ਅੜਕਾਂ, ਸਰਕਾਰੀ ਪ੍ਰਾਇਮਰੀ ਸਕੂਲ ਮੁਕੰਦਪੁਰ, ਸਕਾਲਰ ਪਬਲਿਕ ਸਕੂਲ ਜਾਡਲਾ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰਾਹੋਂ, ਗੁਰੂ ਰਾਮ ਦਾਸ ਇੰਟਰਨੈਸ਼ਨਲ ਪਬਲਿਕ ਸਕੂਲ ਮੱਲਪੁਰ, ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੜੋਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ, ਸ਼ਿਵਾਲਿਕ ਪਬਲਿਕ ਸਕੂਲ ਨਵਾਂਸ਼ਹਿਰ ਦੇ ਵਿਦਿਆਰਥੀਆਂ ਨੇ ਭਾਗ ਲਿਆ।ਪੀ ਟੀ ਸ਼ੋਅ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਔੜ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਿਆਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰੀਹਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਾਡਲਾ, ਬੱਬਰ ਕਰਮ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੌਲਤਪੁਰ, ਸ਼ਿਵਾਲਿਕ ਪਬਲਿਕ ਸਕੂਲ ਨਵਾਂਸ਼ਹਿਰ ਅਤੇ ਦੋਆਬਾ ਸਿੱਖ ਨੈਸ਼ਨਲ ਸਕੂਲ ਨਵਾਂਸ਼ਹਿਰ ਦੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਜ਼ਿਲ੍ਹਾ ਪੁਲਿਸ ਦੀਆਂ ਦੋ ਪੁਰਸ਼ ਪੁਲਿਸ ਟੁਕੜੀਆਂ ਨੇ ਏ ਐਸ ਆਈ ਸਰਬਜੀਤ ਸਿੰਘ ਤੇ ਸਬ ਇੰਸਪੈਕਟਰ ਗੁਰਵਿੰਦਰ ਸਿੰਘ ਅਤੇ ਇੱਕ ਮਹਿਲਾ ਪੁਲਿਸ ਟੁਕੜੀ ਨੇ ਏ ਐਸ ਆਈ ਅਮਰਜੀਤ ਕੌਰ ਦੀ ਅਗਵਾਈ 'ਚ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਰਾਹੋਂ, ਗਰਲ ਗਾਈਡਜ਼ ਜਵਾਹਰ ਵਿਦਿਆਲਿਆ ਪੋਜੇਵਾਲ, ਕਿ ?ਰਪਾਲ ਸਾਗਰ ਅਕੈਡਮੀ ਰਾਹੋਂ ਤੇ ਪ੍ਰਕਾਸ਼ ਮਾਡਲ ਸਕੂਲ ਨਵਾਂਸ਼ਹਿਰ ਤੇ ਕੇ ਸੀ ਪਬਲਿਕ ਸਕੂਲ ਦੇ ਸਕੂਲ ਬੈਂਡ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਏ ਡੀ ਸੀ (ਜ) ਰਾਜੀਵ ਵਰਮਾ, ਐਸ ਡੀ ਐਮ ਮੇਜਰ ਡਾ. ਸ਼ਿਵਰਾਜ ਸਿੰਘ ਬੱਲ, ਐਸ ਪੀਜ਼ ਡਾ. ਮੁਕੇਸ਼ ਤੇ ਗੁਰਮੀਤ ਕੌਰ, ਸਿਖਲਾਈ ਅਧੀਨ ਪੀ ਸੀ ਐਸ ਅਧਿਕਾਰੀ ਗੁਰਲੀਨ ਸਿੱਧੂ, ਸਹਾਇਕ ਸਿਵਲ ਸਰਜਨ ਡਾ. ਜਸਦੇਵ ਸਿੰਘ, ਤਹਿਸੀਲਦਾਰ ਸਰਵੇਸ਼ ਰਾਜਨ, ਜ਼ਿਲ੍ਹਾ ਸਿਖਿਆ ਅਫ਼ਸਰ ਡਾ. ਕੁਲਤਰਨ ਸਿੰਘ ਅਤੇ ਜ਼ਿਲ੍ਹੇ ਦੇ ਹੋਰ ਅਧਿਕਾਰੀ ਮੌਜੂਦ ਸਨ, ਜਿਨ੍ਹਾਂ ਨਾਲ ਬਾਅਦ ਵਿੱਚ ਡੀ ਸੀ ਰੰਧਾਵਾ ਵੱਲੋਂ ਤਿਆਰੀਆਂ ਨੂੰ ਅੰਤਮ ਰੂਪ ਦੇਣ ਲਈ ਮੀਟਿੰਗ ਵੀ ਕੀਤੀ ਗਈ।

## ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ ਦੇ ਸਮੂਹ ਸਟਾਫ ਵਲੋਂ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਤੇ ਹਮਲੇ ਦੀ ਕੀਤੀ ਸਖਤ ਨਿੰਦਾ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ ਦੇ ਸਮੂਹ ਸਟਾਫ ਮੈਬਰਜ਼ ਦੀ ਇੱਕ



ਮੀਟਿੰਗ ਪ੍ਰਿੰਸੀਪਲ ਡਾ. ਰਣਜੀਤ ਸਿੰਘ ਦੀ ਅਗਵਾਈ ਅਧੀਨ ਹੋਈ, ਜਿਸ ਵਿੱਚ ਜਥੇਦਾਰ ਸ. ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਤੇ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ । ਇਸ ਮੌਕੇ ਪ੍ਰਿੰਸੀਪਲ ਡਾ. ਰਣਜੀਤ ਸਿੰਘ ਨੇ ਕਿਹਾ ਕਿ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਸਿੱਖ ਪੰਥ ਦੀ ਸਨਮਾਨਯੋਗ ਸ਼ਖ਼ਸੀਅਤ ਹਨ। ਜਿਨ੍ਹਾਂ ਨੇ ਬਿਨ੍ਹਾਂ ਕਿਸੇ ਲੋਭ-ਲਾਲਚ ਦੇ ਕਾਲ ਕੋਠੜੀਆਂ ਵਿੱਚ ਜਬਰੀ ਧੱਕੇ ਸ਼ਾਹੀ ਨਾਲ ਬੰਦ ਕੀਤੇ ਸਿੱਖ ਨੌਜਵਾਨਾਂ ਦੇ ਕੇਸਾਂ ਦੀ ਪੈਰਵਾਈ ਕੀਤੀ ਅਤੇ ਉਨ੍ਹਾਂ ਨੂੰ ਜੇਲਾਂ ਵਿੱਚੋ ਬਾਹਰ ਕੱਢਣ ਦੀ ਅਣਥੱਕ ਕੋਸ਼ਿਸ਼ਾਂ ਕੀਤੀਆਂ ਉਨ੍ਹਾਂ ਕਿਹਾ ਕਿ ਅਜਿਹੀ ਇਮਾਨਦਾਰ ਧਾਰਮਿਕ ਸ਼ਖ਼ਸੀਅਤ ਤੇ ਹਮਲਾ ਕਰਨ ਨਾਲ ਸਿੱਖ ਪੰਥ ਨੂੰ ਵੱਡੀ ਢਾਅ ਲੱਗੀ ਹੈ ਜਿਸਦੀ ਭਰਪਾਈ ਕਰਨਾ ਅਸੰਭਵ ਹੈ।ਇਸ ਮੌਕੇ ਸਮੂਹ ਸਟਾਫ ਮੈਬਰ ਹਾਜਰ ਸਨ।

## ਪੰਜਾਬੀਆਂ ਦੀ ਕੁਰਬਾਨੀ ਨੂੰ ਕੀਤਾ ਅੱਖੋਂ-ਪਰੋਖੇ ! ਵਿਰੋਧੀ ਧਿਰਾਂ ਵਲੋਂ ਕੇਂਦਰ ਸਰਕਾਰ ਦੀ ਜੰਮ ਕੇ ਮੁਖਾਲਫਤ

**ਦਿੱਲੀ/ਕਪੂਰ**



ਦੇਸ਼ ਦੇ 74ਵੇਂ ਗਣਤੰਤਰ ਦਿਵਸ ਮੌਕੇ ਪੰਜਾਬ ਦੀ ਝਾਂਕੀ ਨੂੰ ਪਰੇਡ ਵਿੱਚ ਸ਼ਾਮਲ ਨਾ ਕੀਤੇ ਜਾਣ ਦਾ ਮਾਮਲਾ ਗਰਮਾਉਂਦਾ ਜਾ ਰਿਹਾ ਹੈ। ਵਿਰੋਧੀ ਧਿਰ ਨੇ ਪੰਜਾਬ ਅਤੇ ਕੇਂਦਰ ਸਰਕਾਰਾਂ ਦੀ ਜੰਮ ਕੇ ਮੁਖਾਲਫਤ ਕੀਤੀ ਹੈ।

ਵਿਰੋਧੀਆਂ ਦਾ ਕਹਿਣਾ ਹੈ ਕਿ ਕੇਂਦਰ ਸਰਕਾਰ ਇਸ ਮੁੱਦੇ ਉੱਤੇ ਮੁੜ ਵਿਚਾਰ ਕਰੇ ਤੇ ਪੰਜਾਬ ਨੂੰ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਕਿਉਂਕਿ ਪੰਜਾਬੀਆਂ ਨੂੰ ਆਜ਼ਾਦੀ ਸੰਗਰਾਮ ਵਿੱਚ ਆਪਣਾ ਯੋਗਦਾਨ ਅਤੇ ਸੱਭਿਆਚਾਰ ਦਿਖਾਉਣ ਦੀ ਖੁੱਲ ਹੋਣੀ ਚਾਹੀਦੀ ਹੈ

**ਅਕਾਲੀ ਦਲ ਦਾ ਕੀ ਹੈ ਕਹਿਣਾ**

ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ 74ਵੇਂ ਗਣਤੰਤਰ ਦਿਵਸ ਦੀ ਪਰੇਡ ਲਈ ਪੰਜਾਬ ਦੀ ਝਾਕੀ ਨੂੰ ਰੱਦ ਕਰਨਾ ਹੈਰਾਨੀਜਨਕ ਹੈ। ਇਸ ਦਾ ਮਤਲਬ ਹੈ ਕਿ ਪੰਜਾਬੀਆਂ ਨੂੰ ਆਜ਼ਾਦੀ ਦੀ ਲੜਾਈ ਵਿਚ ਆਪਣਾ ਯੋਗਦਾਨ ਅਤੇ ਸੱਭਿਆਚਾਰ ਦਿਖਾਉਣ ਦੀ ਇਜਾਜ਼ਤ ਨਹੀਂ ਹੈ। ਮੈਂ ਭਾਰਤ ਸਰਕਾਰ ਨੂੰ ਦੁਬਾਰਾ ਸਮੀਖਿਆ ਕਰਨ ਦੀ ਅਪੀਲ ਕਰਦਾ ਹਾਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਅਪੀਲ ਕਰਦਾ ਹਾਂ ਕਿ ਉਹ ਇਸ ਮੁੱਦੇ ਨੂੰ ਕੇਂਦਰ ਕੋਲ ਢੁਕਵੇਂ ਢੰਗ ਨਾਲ ਉਠਾਉਣ।

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਗਣਤੰਤਰ ਦਿਵਸ ਦੀ ਪਰੇਡ ਵਿਚ ਪੰਜਾਬ ਦੀ ਝਾਂਕੀ ਨੂੰ ਥਾਂ ਨਹੀਂ ਦਿੱਤੀ ਗਈ। ਕੇਂਦਰ ਸਰਕਾਰ ਨੇ ਪੰਜਾਬੀਆਂ ਦੀਆਂ ਕੁਰਬਾਨੀਆਂ ਦੇ ਇਤਿਹਾਸ ਨੂੰ ਅੱਖੋਂ ਪਰੋਖੇ ਕੀਤਾ ਹੈ। ਜਦਕਿ ਪੰਜਾਬ ਸਰਕਾਰ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਹੈ। ਪੰਜਾਬ ਦੀ ਝਾਂਕੀ ਹਰ ਸਾਲ ਪਰੇਡ ਵਿੱਚ ਸ਼ਾਮਲ ਹੁੰਦੀ ਹੈ। ਇਸ ਵਾਰ ਨੂੰ ਨਜ਼ਰਅੰਦਾਜ਼ ਕਿਉਂ ? ਫਿਰ ਵੀ ਕੇਂਦਰ ਸਰਕਾਰ ਨੂੰ ਸਮੀਖਿਆ ਕਰਨੀ ਚਾਹੀਦੀ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਇੱਕ ਸਾਜ਼ਿਸ਼ ਤਹਿਤ ਜਾਣਬੁੱਝ ਕੇ ਪੰਜਾਬ ਦੀ ਝਾਕੀ ਬੰਦ ਕਰ ਦਿੱਤੀ ਹੈ। ਝਾਂਕੀ ਵਿੱਚ ਦੇਸ਼ ਦੀ ਵੰਡ ਵਿੱਚ ਪੰਜਾਬੀਆਂ ਦੀ ਮਹੱਤਤਾ, ਪੰਜਾਬ ਦੇ ਇਤਿਹਾਸ ਆਦਿ ਨੂੰ ਦਰਸਾਇਆ ਗਿਆ ਸੀ। ਝਾਂਕੀ ਨੂੰ ਲੈ ਕੇ ਪੂਰੀਆਂ ਤਿਆਰੀਆਂ ਕਰ ਲਈਆਂ ਗਈਆਂ ਸਨ। ਕੇਂਦਰ ਸਰਕਾਰ ਨੇ ਪਰੇਡ ਵਿੱਚ ਪੰਜਾਬ ਦੀ ਝਾਂਕੀ ਨੂੰ ਥਾਂ ਨਹੀਂ ਦਿੱਤੀ।

# 74ਵੇਂ ਗਣਤੰਤਰ ਦਿਵਸ ਮੌਕੇ ਹੋਣ ਵਾਲੇ ਸੂਬਾ ਪੱਧਰੀ ਸਮਾਗਮ ਦੀ ਫੁੱਲ ਡਰੈਸ ਰਿਹਰਸਲ ਹੋਈ

## ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਲਹਿਰਾਉਣਗੇ ਤਿਰੰਗਾ













**ਜਲੰਧਰ/ਰਾਕੇਸ਼ ਵਰਮਾ**

ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਵੱਲੋਂ ਅੱਜ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ 74ਵੇਂ ਗਣਤੰਤਰ ਦਿਵਸ ਮੌਕੇ ਹੋਣ ਵਾਲੇ ਸੂਬਾ ਪੱਧਰੀ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਵਿੱਚ ਸ਼ਿਰਕਤ ਕੀਤੀ ਗਈ। ਫੁੱਲ ਡਰੈੱਸ ਰਿਹਰਸਲ ਦੌਰਾਨ ਡਿਪਟੀ ਕਮਿਸ਼ਨਰ ਨੇ ਕੌਮੀ ਝੰਡਾ ਲਹਿਰਾਇਆ ਅਤੇ ਪਰੇਡ ਕਮਾਂਡਰ ਨੌਜਵਾਨ ਆਈ.ਪੀ.ਐਸ. ਅਧਿਕਾਰੀ ਮਨਿੰਦਰ ਸਿੰਘ ਦੀ ਅਗਵਾਈ ਵਾਲੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮਹੱਤਵਪੂਰਨ ਸਮਾਗਮ, ਜਿਸ ਵਿੱਚ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਤਿਰੰਗਾ ਲਹਿਰਾਉਣਗੇ, ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਫੋਰਸਾਂ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਸੂਬਾ ਪੱਧਰੀ ਸਮਾਗਮ ਨੂੰ ਪੂਰੀ ਸਦਭਾਵਨਾ ਤੇ ਉਤਸ਼ਾਹ ਨਾਲ ਮਨਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ ਅਤੇ ਇਸ ਅਹਿਮ ਦਿਨ ਨੂੰ ਦੇਸ਼ ਭਗਤੀ ਦੀ ਭਾਵਨਾ ਅਤੇ ਰਾਸ਼ਟਰਵਾਦੀ ਜੋਸ਼ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਗਮ ਦੇ ਪੁਖ਼ਤਾ ਇੰਤਜ਼ਾਮ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਪਹਿਲਾਂ ਹੀ ਡਿਊਟੀਆਂ ਸੌਂਪੀਆਂ ਜਾ ਚੁੱਕੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਪਰੇਡ ਵਿੱਚ ਆਈ.ਟੀ.ਬੀ.ਪੀ., ਆਰ.ਏ.ਐਫ., ਪੀ.ਏ.ਸੀ., ਕਮਿਸ਼ਨਰੇਟ ਪੁਲਿਸ, ਕਮਿਸ਼ਨਰੇਟ ਪੁਲਿਸ ਮਹਿਲਾ ਵਿੰਗ, ਆਰ.ਟੀ.ਸੀ. ਪੀ.ਏ.ਪੀ.,ਪੰਜਾਬ ਹੋਮ ਗਾਰਡਜ਼ ਦੀਆਂ ਟੁੱਕੜੀਆਂ, ਐਨ.ਸੀ.ਸੀ. ਕੈਡਿਟਸ, ਐਨ.ਸੀ.ਸੀ. ਲੜਕੀਆਂ ਅਤੇ ਸਕਾਊਟਸ ਸ਼ਾਮਲ ਹੋਣਗੇ ਅਤੇ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਕੀਤੇ ਸ਼ਲਾਘਾਯੋਗ ਕਾਰਜਾਂ ਦੀ ਪੇਸ਼ਕਾਰੀ ਕਰਦੀਆਂ ਝਾਕੀਆਂ ਕੱਢੀਆਂ ਜਾਣਗੀਆਂ। ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਵਾਲੀਆਂ ਸ਼ਖਸੀਅਤਾਂ ਦਾ ਸਨਮਾਨ ਕਰਨ ਦੇ ਨਾਲ-ਨਾਲ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਟਰਾਈ ਸਾਈਕਲਾਂ ਦੀ ਵੰਡ ਕਰਨਗੇ। ਇਸ ਤੋਂ ਇਲਾਵਾ ਸਕੂਲੀ ਬੱਚਿਆਂ ਵੱਲੋਂ ਪੀ.ਟੀ.ਸ਼ੋਅ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਵੰਨਗੀਆਂ ਦੀ ਪੇਸ਼ਕਾਰੀ ਕੀਤੀ ਜਾਵੇਗੀ। ਇਸ ਮੌਕੇ ਪੁਲਿਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ, ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਅਮਿਤ ਮਹਾਜਨ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਮੰਦਰ 'ਚ ਦਰਦਨਾਕ ਹਾਦਸਾ, ਕ੍ਰੇਨ ਡਿੱਗਣ ਨਾਲ 4 ਲੋਕਾਂ ਦੀ ਹੋਈ ਮੌਤ, 9 ਲੋਕ ਜ਼ਖ਼ਮੀ

**ਤਮਿਲਨਾਡੂ/ਲੋਕ ਬਾਣੀ**



ਤਾਮਿਲਨਾਡੂ ਦੇ ਅਰਾਕੋਨਮ ਵਿੱਚ ਮੋਂਡਿਆਮਨ ਮੰਦਰ ਵਿੱਚ ਇੱਕ ਦਰਦਨਾਕ ਹਾਦਸਾ ਵਾਪਰਿਆ ਹੈ ਜਿਥੇ ਮਾਇਲੇਰੂ ਤਿਉਹਾਰ ਦੌਰਾਨ ਇੱਕ ਕਰੇਨ ਬੇਕਾਬੂ ਹੋ ਲੋਕਾਂ 'ਤੇ ਡਿੱਗ ਗਈ। ਇਸ ਹਾਦਸੇ 'ਚ 4 ਲੋਕਾਂ ਦੀ ਮੌਤ ਹੋ ਗਈ ਹੈ ਜਦਕਿ 9 ਲੋਕ ਗੰਭੀਰ ਜ਼ਖਮੀ ਹੋਏ ਹਨ। ਪੁਲਿਸ ਵਲੋਂ ਕਰੇਨ ਦੇ ਸੰਚਾਲਕਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ ਕਿਉਂਕਿ ਤਿਉਹਾਰ ਵਿੱਚ ਕ੍ਰੇਨਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਨਹੀਂ ਸੀ। ਘਟਨਾ ਐਤਵਾਰ ਸ਼ਾਮ ਨੂੰ ਅਰਾਕੋਨਮ ਦੇ ਮੋਂਡਿਆਮਨ ਮੰਦਿਰ ਵਿੱਚ ਮਾਇਲੇਰੂ ਤਿਉਹਾਰ ਦੌਰਾਨ ਵਾਪਰੀ ਹੈ। ਜਾਣਕਾਰੀ ਮੁਤਾਬਿਕ ਮਾਇਲੇਰੂ ਤਿਉਹਾਰ ਦੌਰਾਨ ਕਈ ਲੋਕ ਕਰੇਨ ਨਾਲ ਲਟਕ ਕੇ ਭਗਵਾਨ ਦੀਆਂ ਮੂਰਤੀਆਂ ਨੂੰ ਹਾਰ ਪਾ ਰਹੇ ਸਨ। ਇਸ ਦੌਰਾਨ ਕਰੇਨ ਦਾ ਕੰਟਰੋਲ ਵਿਗੜ ਗਿਆ ਅਤੇ ਉਹ ਡਿੱਗ ਗਈ। ਹਾਦਸੇ ਤੋਂ ਬਾਅਦ ਮੰਦਰ 'ਚ ਭਗਦੜ ਮਚ ਗਈ। ਕੁਝ ਲੋਕਾਂ ਨੇ ਕਰੇਨ ਹੇਠਾਂ ਦੱਬੇ ਸ਼ਰਧਾਲੂਆਂ ਨੂੰ ਕੱਢਣ ਦੀ ਕੋਸ਼ਿਸ਼ ਕੀਤੀ। ਹਾਦਸੇ ਦੀ ਵੀਡੀਓ ਵੀ ਸਾਹਮਣੇ ਆਈ ਹੈ।

# ਪੱਤਰਕਾਰ ਵੱਲੋਂ ਖ਼ੁਦਕੁਸ਼ੀ ਕਰਨ ਦੇ ਮਾਮਲੇ 'ਚ ਸਾਬਕਾ ਵਿਧਾਇਕ ਨੂੰ ਮਿਲੀ ਜ਼ਮਾਨਤ


**ਚੰਡੀਗੜ੍ਹ/ਵਿਨੋਦ ਸ਼ਰਮਾ**

ਪੰਜਾਬ ਦੇ ਸਾਬਕਾ ਵਿਧਾਇਕ ਅਤੇ ਕਾਂਗਰਸ ਦੇ ਜਨਰਲ ਸਕੱਤਰ ਹਰਦਿਆਲ ਸਿੰਘ ਕੰਬੋਜ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਜ਼ਮਾਨਤ ਦੇ ਦਿੱਤੀ ਹੈ ਅਤੇ ਨਾਲ ਹੀ ਉਨਾਂ ਦੀ ਗ੍ਰਿਫਤਾਰੀ 'ਤੇ ਰੋਕ ਲੱਗਾ ਦਿੱਤੀ ਹੈ। ਦਰਅਸਲ ਰਾਜਪੁਰਾ ਵਿਖੇ ਹੀ ਇੱਕ ਪੱਤਰਕਾਰ ਦੇ ਵੱਲੋਂ ਖ਼ੁਦਕੁਸ਼ੀ ਕਰਨ ਦੇ ਮਾਮਲੇ ਵਿੱਚ ਹਰਦਿਆਲ ਸਿੰਘ ਕੰਬੋਜ 'ਤੇ ਸਿਆਸੀ ਰੰਜਿਸ਼ ਤਹਿਤ ਕੇਸ ਦਰਜ਼ ਕਰਵਾ ਦਿੱਤਾ ਗਿਆ ਸੀ। ਪੰਜਾਬ-ਹਰਿਆਣਾ ਹਾਈਕੋਰਟ ਨੇ ਆਪਣੇ ਹੁਕਮਾਂ ਵਿੱਚ ਸਾਫ ਕਿਹਾ ਹੈ ਕਿ ਹਰਦਿਆਲ ਸਿੰਘ ਕੰਬੋਜ ਨੂੰ ਜ਼ਮਾਨਤ ਦਿੱਤੀ ਜਾਂਦੀ ਹੈ ਅਤੇ ਉਹ ਦੋ ਹਫ਼ਤੇ ਵਿੱਚ ਆਪਣੀ ਸਹੂਲਤ ਦੇ ਮੁਤਾਬਕ ਜਾਂਚ ਅਫ਼ਸਰ ਦੇ ਕੋਲ ਜਾ ਕੇ ਜਾਂਚ ਵਿੱਚ ਸ਼ਾਮਲ ਹੋਣ। ਇਸ ਦੇ ਨਾਲ ਹੀ ਪੰਜਾਬ-ਹਰਿਆਣਾ ਹਾਈਕੋਰਟ ਨੇ ਪੁਲਿਸ ਵੱਲੋਂ ਦਰਜ ਕੀਤੇ ਇਸ ਕੇਸ ਵਿੱਚ ਕੋਈ ਜ਼ਿਆਦਾ ਵਜ਼ਨ ਨਹੀਂ ਸਮਝਿਆ ਕਿਉਂਕਿ ਖ਼ੁਦਕੁਸ਼ੀ ਕਰਨ ਵਾਲੇ ਵਿਅਕਤੀ ਨੇ 40 ਮਹੀਨੇ ਪਹਿਲਾਂ ਦਾ ਵਾਕਿਆ ਆਪਣੇ ਖ਼ੁਦਕੁਸ਼ੀ ਨੋਟ ਵਿੱਚ ਦੱਸਿਆ ਸੀ।

ਅਦਾਰਾ ਲੋਕ ਬਾਣੀ ਵਿੱਚ ਛਾਪੀਆਂ ਜਾਂਦੀਆਂ ਖਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨ੍ਹਾਂ ਤੱਥਾਂ ਦੀ ਪੜਤਾਲ, ਪੁਸ਼ਟੀ ਕਰ ਲੈਣ। ਰੋਜਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ਼ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ ਖਬਰਾਂ ਪ੍ਰਤੀ ਜੁਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਤਾਰਾ ਰਹਿਤ ਰਾਤ



**ਜਿਸ** ਤਰ੍ਹਾਂ ਹਵਾ ਪ੍ਰਦੂਸ਼ਣ ਜਾਂ ਸ਼ੋਰ ਪ੍ਰਦੂਸ਼ਣ ਹੁੰਦਾ ਹੈ, ਉਸੇ ਤਰ੍ਹਾਂ ਪ੍ਰਕਾਸ਼ ਪ੍ਰਦੂਸ਼ਣ ਵੀ ਹੁੰਦਾ ਹੈ ਅਤੇ ਇਹ ਪ੍ਰਦੂਸ਼ਣ ਲਗਾਤਾਰ ਵਧਦਾ ਜਾ ਰਿਹਾ ਹੈ। ਇਸ ਪ੍ਰਦੂਸ਼ਣ ਦਾ ਮਾੜਾ ਪ੍ਰਭਾਵ ਇਹ ਹੈ ਕਿ ਚੀਜ਼ਾਂ ਉਸ ਤਰ੍ਹਾਂ ਦਿਖਾਈ ਨਹੀਂ ਦਿੰਦੀਆਂ ਜਿਵੇਂ ਕਿ ਹੋਣੀਆਂ ਚਾਹੀਦੀਆਂ ਹਨ। ਦੁਨੀਆ ਭਰ ਵਿੱਚ ਫੈਲੇ ਕਈ ਨਾਗਰਿਕ ਵਿਗਿਆਨੀਆਂ ਨੇ 12 ਸਾਲ ਤੱਕ ਅਧਿਐਨ ਕਰਨ ਤੋਂ ਬਾਅਦ ਇਹ ਰਿਪੋਰਟ ਪੇਸ਼ ਕੀਤੀ ਹੈ। ਰਾਤ ਨੂੰ ਨਕਲੀ ਰੌਸ਼ਨੀ ਨੇ ਕੁਦਰਤੀ ਰੌਸ਼ਨੀ ਨੂੰ ਦੂਸ਼ਿਤ ਕਰਨਾ ਸ਼ੁਰੂ ਕਰ ਦਿੱਤਾ ਹੈ। ਵਿਗਿਆਨੀਆਂ ਨੇ ਦੱਸਿਆ ਹੈ ਕਿ ਰਾਤ ਨੂੰ ਤਾਰਿਆਂ ਨੂੰ ਦੇਖਣਾ ਹਰ ਸਾਲ ਮੁਸ਼ਕਲ ਹੁੰਦਾ ਜਾ ਰਿਹਾ ਹੈ। ਨਕਲੀ ਰੋਸ਼ਨੀ ਕਿੱਥੇਹੋਰ ਕੀ ਹੈ, ਉੱਥੋਂ ਤਾਰਿਆਂ ਨੂੰ ਦੇਖਣਾ ਜਾਂ ਲੱਭਣਾ ਬਹੁਤ ਮੁਸ਼ਕਲ ਹੋ ਗਿਆ ਹੈ। ਵਿਗਿਆਨੀਆਂ ਦੇ ਅੰਦਾਜ਼ੇ ਮੁਤਾਬਕ ਹਰ ਸਾਲ ਕੋਈ ਨਾ ਕੋਈ ਤਾਰੇ ਪ੍ਰਕਾਸ਼ ਪ੍ਰਦੂਸ਼ਣ 'ਚ ਛੁਪ ਰਹੇ ਹਨ। ਅਜਿਹੇ 'ਚ ਅਧਿਐਨ ਦੇ ਨਤੀਜੇ ਸੈਟੇਲਾਈਟ ਦੀ ਵਧਦੀ ਲੋੜ ਵੱਲ ਵੀ ਇਸ਼ਾਰਾ ਕਰਦੇ ਹਨ। ਹੁਣ ਤਾਰਿਆਂ ਨੂੰ ਵੇਖਣ ਜਾਂ ਗ੍ਰਹਿਆਂ ਅਤੇ ਉਪਗ੍ਰਹਿਾਂ ਦੀ ਜਾਂਚ ਵਿੱਚ ਉਪਗ੍ਰਹਿ ਹੀ ਇੱਕ ਸਹਾਰਾ ਹਨ। ਜੇਕਰ ਧਰਤੀ ਤੋਂ ਤਾਰਿਆਂ ਨੂੰ ਦੇਖ ਕੇ ਅਧਿਐਨ ਕੀਤਾ ਜਾਵੇ ਤਾਂ ਅਸਲ ਸਥਿਤੀ ਸਪੱਸ਼ਟ ਨਹੀਂ ਹੋਵੇਗੀ। ਇਸ ਗੱਲ ਦਾ ਵੀ ਖਤਰਾ ਹੈ ਕਿ ਜੇਕਰ ਧਰਤੀ ਤੋਂ ਤਾਰੇ ਸਪੱਸ਼ਟ ਤੌਰ 'ਤੇ ਦਿਖਾਈ ਨਾ ਦੇਣ ਤਾਂ ਸੱਭਿਆਚਾਰਕ ਅਤੇ ਸਿਹਤ ਸੰਬੰਧੀ ਬਦਲਾਅ ਵੀ ਆ ਸਕਦੇ ਹਨ ਹੋਵੇਗਾ। ਸਿਤਾਰਿਆਂ ਨਾਲ ਸਬੰਧਤ ਕਹਾਣੀਆਂ ਜਾਂ ਗੀਤ ਆਮ ਨਹੀਂ ਹੋਣਗੇ। ਇਹ ਸਮਝਣਾ ਮੁਸ਼ਕਲ ਹੋਵੇਗਾ ਕਿ ਆਉਣ ਵਾਲੀ ਪੀੜ੍ਹੀ, ਜੋ ਤਾਰਿਆਂ ਭਰੇ ਅਸਮਾਨ ਨੂੰ ਦੇਖਣ ਤੋਂ ਵਾਂਝੀ ਰਹਿ ਜਾਵੇਗੀ। Kyba et al ਵਿੱਚ ਪ੍ਰਕਾਸ਼ਿਤ ਗਲੋਬ ਐਟ ਨਾਈਟ ਪ੍ਰੋਜੈਕਟ ਦੇ ਅਧਿਐਨ ਬਹੁਤ ਮਹੱਤਵਪੂਰਨ ਹਨ। ਘੱਟ ਰੋਸ਼ਨੀ ਅਤੇ ਫਿੱਕੇ ਤਾਰੇ ਵੀ ਇਨਸਾਨ ਨੂੰ ਦਿਸਣ ਚਾਹੀਦੇ ਹਨ, ਪਰ ਹੁਣ ਇਹ ਮੁਸ਼ਕਲ ਹੁੰਦਾ ਜਾ ਰਿਹਾ ਹੈ। ਵਿਗਿਆਨੀਆਂ ਨੇ ਅਧਿਐਨ ਕੀਤਾ ਹੈ ਕਿ ਕਿਵੇਂ ਸਮੇਂ ਦੇ ਨਾਲ ਅਸਮਾਨ ਦੀ ਚਮਕ ਵਧਦੀ ਜਾ ਰਹੀ ਹੈ। ਪਿਛਲੇ ਬਾਰਾਂ ਸਾਲਾਂ (2011 ਤੋਂ 2022 ਤੱਕ) ਦੇ ਅੰਕੜਿਆਂ ਦਾ ਵਿਸ਼ਲੇਸ਼ਣ ਦਰਸਾਉਂਦਾ ਹੈ ਕਿ ਨਕਲੀ ਰੌਸ਼ਨੀ ਨਾਲ ਪ੍ਰਭਾਵਿਤ ਅਸਮਾਨ ਦਾ ਖੇਤਰਦੁਨੀਆ ਭਰ ਵਿੱਚ ਹਰ ਸਾਲ 10 ਪ੍ਰਤੀਸ਼ਤ ਦੀ ਚਿੰਤਾਜਨਕ ਔਸਤ ਨਾਲ ਚਮਕ ਵਧ ਰਹੀ ਹੈ, ਯਾਨੀ ਅੱਠ ਸਾਲਾਂ ਤੋਂ ਵੀ ਘੱਟ ਸਮੇਂ ਵਿੱਚ ਦੁੱਗਣੀ ਹੋ ਰਹੀ ਹੈ। ਇਹ ਸੁਧਾਰ ਰੱਖਿਆ ਮੌਸਮ ਵਿਗਿਆਨ ਸੈਟੇਲਾਈਟ ਪ੍ਰੋਗਰਾਮ ਅਤੇ ਸੁਓਮੀ ਨੈਸ਼ਨਲ ਪੋਲਰ-ਆਰਬਿਟਿੰਗ ਸੈਟੇਲਾਈਟ ਪ੍ਰੋਗਰਾਮ 'ਤੇ ਅਧਾਰਤ ਹੈ। ਪਾਰਟਨਰਸ਼ਿਪ ਸੈਟੇਲਾਈਟਾਂ ਦੁਆਰਾ ਲਏ ਗਏ ਰੇਡੀਏਸ਼ਨ ਮਾਪਾਂ ਦੇ ਆਧਾਰ 'ਤੇ ਨਕਲੀ ਪ੍ਰਕਾਸ਼ ਨਿਕਾਸ (ਸਲਾਨਾ ਦੋ ਪ੍ਰਤੀਸ਼ਤ) ਅਨੁਮਾਨ ਤੋਂ ਬਹੁਤ ਜ਼ਿਆਦਾ ਹੈ। ਕਈ ਉਪਗ੍ਰਹਿ ਵੀ ਸਹੀ ਰੋਸ਼ਨੀ ਨੂੰ ਫੜਨ ਅਤੇ ਸਮਝਣ ਵਿੱਚ ਅਸਮਰੱਥ ਹੁੰਦੇ ਜਾ ਰਹੇ ਹਨ। ਇਸ ਲਈ ਭਵਿੱਖ ਵਿੱਚ ਅਜਿਹੇ ਸੈਟੇਲਾਈਟਾਂ ਦੀ ਲੋੜ ਹੈ, ਜੋ ਰੌਸ਼ਨੀ ਦੇ ਪ੍ਰਦੂਸ਼ਣ ਕਾਰਨ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨ। ਤਰੀਕੇ ਨਾਲ ਧਿਆਨ ਵਿੱਚ ਰੱਖੋਗੱਲ ਇਹ ਹੈ ਕਿ ਜੋ ਅੰਕੜੇ ਪ੍ਰਕਾਸ਼ਿਤ ਕੀਤੇ ਗਏ ਹਨ, ਉਨ੍ਹਾਂ ਵਿਚੋਂ ਜ਼ਿਆਦਾਤਰ ਯੂਰਪ ਅਤੇ ਉੱਤਰੀ ਅਮਰੀਕਾ ਤੋਂ ਲਏ ਗਏ ਹਨ। ਵਿਆਪਕ ਡਾਟਾ ਅਤੇ ਅਧਿਐਨ ਦੀ ਲੋੜ ਹੈ. ਅਫਰੀਕਾ, ਏਸ਼ੀਆ ਅਤੇ ਆਸਟ ?ਰੇਲੀਆ ਤੋਂ ਵੀ ਅੰਕੜੇ ਸਾਹਮਣੇ ਆਉਣੇ ਚਾਹੀਦੇ ਹਨ। ਲੋਕਾਂ ਨੂੰ ਸਮਝਦਾਰ ਬਣਨਾ ਪਵੇਗਾ। ਇਸ ਸਮੇਂ ਬਹੁਤੇ ਸ਼ਹਿਰਾਂ ਵਿੱਚ ਲੋਕ ਜ਼ਿਆਦਾ ਰੌਸ਼ਨੀ ਦੇਖ ਕੇ ਬਹੁਤ ਖੁਸ਼ ਹਨ, ਜਦੋਂ ਕਿ ਅਜਿਹੀ ਰੌਸ਼ਨੀ ਪ੍ਰਕਾਸ਼ ਪ੍ਰਦੂਸ਼ਣ ਹੈ। ਪੱਤੇ, ਫੁੱਲ, ਫਲ ਅਤੇ ਹੋਰ ਚੀਜ਼ਾਂ ਵਧੇਰੇ ਰੋਸ਼ਨੀ ਵਿੱਚ ਵੱਖਰੇ ਰੰਗ ਵਿੱਚ ਦਿਖਾਈ ਦਿੰਦੀਆਂ ਹਨ। ਰਾਤ ਨੂੰ ਨਕਲੀ ਰੋਸ਼ਨੀ ਦੇ ਖ਼ਤਰਿਆਂ ਬਾਰੇ ਬਹੁਤ ਜ਼ਿਆਦਾ ਜਾਗਰੂਕਤਾ ਹੋਣੀ ਚਾਹੀਦੀ ਹੈ ਅਤੇ ਰੌਸ਼ਨੀ ਦੀ ਵਰਤੋਂ ਲੋੜ ਅਨੁਸਾਰ ਹੀ ਕਰਨੀ ਚਾਹੀਦੀ ਹੈ।ਵਿਵਸਥਾ ਹੋਣੀ ਚਾਹੀਦੀ ਹੈ। ਜ਼ਿਆਦਾਤਰ ਲੋਕ ਨਕਲੀ ਰੋਸ਼ਨੀ ਨੂੰ ਸੜਕ ਸੁਰੱਖਿਆ ਅਤੇ ਨਿੱਜੀ ਸੁਰੱਖਿਆ ਨਾਲ ਵੀ ਜੋੜਦੇ ਹਨ, ਜਦੋਂ ਕਿ ਅਸਲ ਹੱਲ ਕੁਝ ਹੋਰ ਹੈ। ਦੁਨੀਆ ਦੇ ਖਗੋਲ ਵਿਗਿਆਨੀਆਂ ਨੂੰ ਪ੍ਰਦੂਸ਼ਣ ਦਾ ਅਹਿਸਾਸ ਕਰਨ ਲਈ ਜਲਦੀ ਸੀ ਕਿ ਰਾਤ ਦੀ ਰੋਸ਼ਨੀ ਉਨ੍ਹਾਂ ਦੀ ਖੋਜ ਨੂੰ ਪ੍ਰਭਾਵਤ ਕਰ ਸਕਦੀ ਹੈ ਅਤੇ ਉਨ੍ਹਾਂ ਦੀਆਂ ਨਿਰੀਖਕਾਂ ਨੂੰ ਚਮਕਦਾਰ ਸ਼ਹਿਰਾਂ ਤੋਂ ਦੂਰ ਲੈ ਗਿਆ। ਅਸੀਂ ਜਿੱਥੇ ਵੀ ਹਾਂ, ਸਾਨੂੰ ਇਹ ਸਮਝਣਾ ਹੋਵੇਗਾ ਕਿ ਤਾਰਿਆਂ ਤੋਂ ਬਿਨਾਂ ਰਾਤ ਦਾ ਕੋਈ ਅਰਥ ਨਹੀਂ ਹੈ।



**ਵਿਜੈ ਗਰਗ**
ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ
ਕਾਲਮਨਵੀਸ ਮਲੋਟ ਪੰਜਾਬ


# ਜਿਲਾ ਜਲੰਧਰ ਦਿਹਾਤੀ ਥਾਣਾ ਆਦਮਪੁਰ ਦੀ ਪੁਲਿਸ ਵੱਲੋਂ 100 ਗ੍ਰਾਮ ਹੈਰੋਇਨ ਅਤੇ ਇੱਕ ਦੇਸੀ ਪਿਸਟਲ ਬ੍ਰਾਮਦਗੀ ਕੀਤੀ ਗਈ

**ਜਲੰਧਰ/ ਆਦਮਪੁਰ/ਰਾਕੇਸ਼ ਵਰਮਾ**

ਸ਼੍ਰੀ ਸਵਰਨਦੀਪ ਸਿੰਘ ਪੀ.ਪੀ.ਐਸ, ਸੀਨੀਅਰ ਪੁਲਿਸ ਕਪਤਾਨ, ਜਲੰਧਰ (ਦਿਹਾਤੀ) ਜੀ ਵੱਲੋ ਦਿੱਤੇ ਗਏ ਦਿਸ਼ਾ ਨਿਰਦੇਸ਼ ਅਨੁਸਾਰ ਸਮਾਜ ਦੇ ਭੈੜੇ ਅਨਸਰਾਂ/ਨਸ਼ਾ ਤਸਕਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿਮ ਦੇ ਤਹਿਤ ਸ੍ਰੀ ਸਰਬਜੀਤ ਸਿੰਘ ਬਾਹੀਆ ਪੀ.ਪੀ.ਐਸ, ਪੁਲਿਸ ਕਪਤਾਨ (ਇੰਨਵੈਸਟੀਗੇਸ਼ਨ) ਅਤੇ ਸ਼੍ਰੀ ਸਰਬਜੀਤ ਰਾਏ ਪੀ.ਪੀ.ਐਸ, ਉਪ ਪੁਲਿਸ ਕਪਤਾਨ ਸਬ-ਡਵੀਜ਼ਨ ਆਦਮਪੁਰ ਦੀ ਯੋਗ ਅਗਵਾਈ ਹੇਠ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਵਲੋਂ ਪ੍ਰਾਪਤ ਹੁਕਮਾਂ ਅਨੁਸਾਰ ਕੀਤੇ ਗਏ ਵਿਸ਼ੇਸ਼ ਸਰਚ ਆਪ੍ਰੇਸ਼ਨ ਦੌਰਾਨ ਇੰਸ: ਹਰਦੀਪ ਸਿੰਘ ਮੁੱਖ ਅਫਸਰ ਥਾਣਾ ਆਦਮਪੁਰ ਦੀ ਪੁਲਿਸ ਪਾਰਟੀ ਵਲੋਂ 02 ਅਲੱਗ-2 ਮੁਕੱਦਮਿਆਂ ਵਿੱਚ 100 ਗ੍ਰਾਮ ਹੈਰੋਇਨ ਅਤੇ ਇੱਕ ਦੇਸੀ ਪਿਸਟਲ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਿਲ ਕੀਤੀ।





ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸ਼੍ਰੀ ਸਰਬਜੀਤ ਰਾਏ ਪੀ.ਪੀ.ਐਸ, ਉਪ ਪੁਲਿਸ ਕਪਤਾਨ ਸਬ-ਡਵੀਜਨ ਆਦਮਪੁਰ ਜੀ ਨੇ ਦੱਸਿਆ ਕਿ ਮਿਤੀ 23.01.20023 ਨੂੰ ASI ਗੁਰਮੀਤ ਸਿੰਘ ਸਮੇਤ ਪੁਲਿਸ ਪਾਰਟੀ ਵਲੋਂ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਜੀ ਦੇ ਹੁਕਮਾਂ ਅਨੁਸਾਰ ਮਾੜੇ ਅਨਸਰਾਂ ਖਿਲਾਫ ਵਿਸ਼ੇਸ਼ ਮੁਹਿਮ ਤਹਿਤ ਚਲਾਏ ਸਰਚ ਆਪ੍ਰੇਸ਼ਨ ਦੌਰਾਨ ਬਲਜਿੰਦਰ ਸਿੰਘ ਉਰਫ ਗਾਂਧੀ ਪੁੱਤਰ ਗੁਰਦੀਪ ਸਿੰਘ ਵਾਸੀ ਮੁਹੰਦੀਪੁਰ ਜੱਟਾਂ ਥਾਣਾ ਆਦਮਪੁਰ, ਜਿਲਾ ਜਲੰਧਰ, ਜਿਸ ਪਰ ਪਹਿਲਾਂ ਹੀ ਵੱਖ-2 ਥਾਣਿਆਂ ਵਿੱਚ ਕਈ ਮੁਕੱਦਮੇ ਦਰਜ ਰਜਿਸਟਰ ਹਨ, ਦੇ ਘਰ ਰੇਡ ਕੀਤਾ ਗਿਆ।ਜੋ ਦੋਰਾਨੋ ਰੇਡ ਬਲਜਿੰਦਰ ਸਿੰਘ ਉਰਫ ਗਾਂਧੀ ਉਕਤ ਪੁਲਿਸ ਪਾਰਟੀ ਨੂੰ ਦੇਖ ਕੇ ਮੌਕਾ ਤੋਂ ਭੱਜ ਗਿਆ।ਜੋ ਬਲਜਿੰਦਰ ਸਿੰਘ ਉਰਫ ਗਾਂਧੀ ਦੇ ਕਮਰੇ ਦੀ ਤਲਾਸ਼ੀ ਕਰਨ ਤੇ ਇੱਕ ਦੇਸੀ ਪਿਸਟਲ ਸਮੇਤ 4 ਜਿੰਦਾ ਰੱਦ ਬ੍ਰਾਮਦ ਹੋਏ।ਜਿਸ ਤੇ ਉਕਤ ਦੋਸ਼ੀ ਦੇ ਖਿਲਾਫ ਮੁਕਦਮਾ ਨੰਬਰ 13 ਮਿਤੀ 23.01,2025 ਅਧ 25/54/59 ਅਸਲਾ ਐਕਟ ਥਾਣਾ ਆਦਮਪੁਰ, ਜਿਲਾ ਜਲੰਧਰ (ਦਿਹਾਤੀ) ਦਰਜ ਰਿਜਸਟਰ ਕਰਕੇ ਮੁੱਢਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।

ਇਸੇ ਤਰਾਂ ਏ.ਐਸ.ਆਈ ਭਗਵੰਤ ਸਿੰਘ ਸਮੇਤ ਪੁਲਿਸ ਪਾਰਟੀ ਵਲੋਂ ਮੁਖਬਰ ਖਾਸ ਵਲੋਂ ਮਿਲੀ ਇਤਲਾਹ ਤੇ ਦਸਤਕਾਂ-ਜੰਡੂਸਿੰਘਾ ਰੋੜਾ ਪਰ ਦੌਰਾਨੇ ਨਾਕਾਬੰਦੀ ਇੱਕ ਗੱਡੀ ਨੰਬਰੀ PBA-HA-CEGG ਮਾਰਕਾ ਨਿਸ਼ਾਨ ਮਾਇਰਾ ਰੰਗ ਗ ਜਿਸ ਵਿਚ 13 ਨੌਜਵਾਨ ਸਵਾਰ ਸਨ ਜਿਹਨਾਂ ਦੇ ਨਾਮ ਬਲਜੀਤ ਸਿੰਘ ਪੁੱਤਰ ਤਰਸੇਮ ਸਿੰਘ, ਜਗਦੀਸ਼ ਪੁੱਤਰ ਸਤਪਾਲ ਵਾਸੀਆਨ ਡੁਮੇਲੀ ਥਾਣਾ ਰਾਵਲਪਿੰਡੀ ਜਿਲਾ ਕਪੂਰਥਲਾ ਅਤੇ ਅਮਨਦੀਪ ਜੈਸਲ ਪੁੱਤਰ ਮਨਜੀਤ ਸਿੰਘ ਵਾਸੀ ਭਬਿਆਣਾ ਥਾਣਾ ਰਾਵਲਪਿੰਡੀ ਜਿਲਾ ਕਪੂਰਥਲਾ ਸਵਾਰ ਸਨ, ਨੂੰ ਰੋਕ ਕੇ ਗੱਡੀ ਦੀ ਤਲਾਸ਼ੀ ਹਸਬ ਜਾਬਤਾ ਅਨੁਸਾਰ ਅਮਲ ਵਿੱਚ ਲਿਆਂਦੀ ਗਈ।ਜੋ ਦੌਰਾਨ ਚੈਕਿੰਗ ਗੱਡੀ ਦੀ ਡਰਾਇਵਰ ਸੀਟ ਦੇ ਥੱਲੇ 100 ਗ੍ਰਾਮ ਹੈਰੋਇਨ ਬ੍ਰਾਮਦ ਹੋਈ।ਜਿਸ ਤੇ ਦੋਸ਼ੀਆਂ ਦੇ ਖਿਲਾਫ ਮੁਕੱਦਮਾ ਨੰਬਰ 14 ਮਿਤੀ 23.01.2023 ਅਧ21(2)/61/85 NDPS ਐਕਟ ਥਾਣਾ ਆਦਮਪੁਰ, ਜਿਲਾ ਜਲੰਧਰ (ਦਿਹਾਤੀ) ਦਰਜ ਰਜਿਸਟਰ ਕਰਕੇ ਮੁੱਢਲੀ ਤਫਤੀਸ਼ ਅਮਲ ਵਿਚ ਲਿਆਂਦੀ ਗਈ।ਜੋ ਉਕਤ ਮੁੱਕਦਮਿਆਂ ਦੇ ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਿਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

# 'ਬੇਗਮਪੁਰਾ ਐਕਸਪ੍ਰੈੱਸ ਸਪੈਸ਼ਲ ਟਰੇਨ' 2 ਫਰਵਰੀ ਨੂੰ ਜਲੰਧਰ ਰੇਲਵੇ ਸਟੇਸ਼ਨ ਤੋਂ ਕਾਸ਼ੀ ਬਨਾਰਸ ਲਈ ਰਵਾਨਾ ਹੋਵੇਗੀ

**ਕਿਸ਼ਨਗੜ/ਲੋਕ ਬਾਣੀ**

ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 646ਵੇਂ ਪਾਵਨ ਪ੍ਰਕਾਸ਼ ਪੂਰਬ ਮਨਾਉਣ ਲਈ ਡੇਰਾ ਸੱਚਖੰਡ ਸੰਤ ਸਰਵਣ ਦਾਸ ਜੀ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਜੀ ਦੀ ਸਰਪਰਸਤੀ ਹੇਠ ਡੇਰੇ ਦੇ ਟਰੱਸਟ ਦੇ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 646ਵੇ ਪ੍ਰਕਾਸ਼ ਪੁਰਬ ਨੂੰ ਮਨਾਉਣ ਸਬੰਧੀ 2 ਫਰਵਰੀ ਵੀਰਵਾਰ ਕਰੀਬ 1 ਵਜੇ ਹਜ਼ਾਰਾਂ ਸ਼ਰਧਾਲੂ ਨੂੰ ਲੈ ਕੇ ਬੇਗਮਪੁਰਾ ਐਕਸਪ੍ਰੈੱਸ ਸਪੈਸ਼ਲ ਟਰੇਨ ਜਲੰਧਰ ਰੇਲਵੇ ਸਟੇਸ਼ਨ ਤੋਂ ਜਨਮ ਅਸਥਾਨ ਸ਼੍ਰੀ ਗੁਰੂ ਰਵਿਦਾਸ ਜੀ ਸੀਰ ਗੋਵਰਧਨਪੁਰ ਰੇਲਵੇ ਸਟੇਸ਼ਨ ਕਾਸ਼ੀ ਬਨਾਰਸ ਲਈ ਰਵਾਨਾ ਹੋਵੇਗੀ ! ਬੇਗਮਪੁਰਾ ਸ਼ਪੈਸ਼ਲ ਐਕਸਪ੍ਰੈੱਸ 3 ਫਰਵਰੀ ਨੂੰ ਕਾਂਸ਼ੀ ਬਨਾਰਸ ਵਿਖੇ ਪਹੁੰਚੇਗੀ !ਇਸ ਮੌਕੇ ਤੇ 5 ਫਰਵਰੀ ਨੂੰ ਸੰਤ ਨਰੰਜਣ ਦਾਸ ਜੀ ਗੱਦੀ ਨਸ਼ੀਨ ਡੇਰਾ ਸੱਚਖੰਡ ਬੱਲਾਂ ਤੇ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਦੀ ਸਰਪ੍ਰਸਤੀ ਹੇਠ ਸ੍ਰੀ ਗੁਰੂ ਰਵਿਦਾਸ ਜੀ ਦੀ ਪਾਵਨ ਅੰਮ੍ਰਿਤ ਬਾਣੀ ਦੇ ਜਾਪ ਕੀਤੇ ਜਾਣਗੇ ਉਪਰੰਤ ਖੁੱਲੇ ਪੰਡਾਲ ਸਜਾਏ ਜਾਣਗੇ !ਇਸ ਮੌਕੇ ਤੇ ਸੰਤ ਨਰੰਜਣ ਦਾਸ ਜੀ ਤੇ ਉੱਚ ਕੋਟੀ ਦੇ ਸੰਤ-ਮਹਾਂਪੁਰਖ ਸ਼੍ਰੀ ਗੁਰੂ ਰਵਿਦਾਸ ਜੀ ਦੀ ਪਾਵਨ ਅਮ੍ਰਿਤ ਬਾਣੀ ਦੇ ਪ੍ਰਵਚਨਾਂ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ! ਇਸ ਮੌਕੇ ਤੇ ਪ੍ਰਸਿੱਧ ਕੀਰਤਨੀ ਜਥੇ ਤੇ ਗਾਇਕ ਸ੍ਰੀ ਗੁਰੂ ਰਵਿਦਾਸ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ !ਇਸ ਮੌਕੇ ਤੇ ਸੰਤ ਨਰੰਜਣ ਦਾਸ ਜੀ ਦੀ ਸਰਪ੍ਰਸਤੀ ਹੇਠ ਡੇਰੇ ਦੇ ਸੇਵਾਦਾਰਾਂ ਵੱਲੋਂ ਸੰਗਤਾਂ ਦੇ ਰਹਿਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ !

